ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

**Awaze Qaum**

(ਯੂ. ਕੇ. ਤੋਂ ਪ੍ਰਕਾਸ਼ਿਤ)

**International Daily Newspaper & WEB TV**

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸੋਮਵਾਰ, 8 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੨੬ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

Exclusive News

## ਗੋਲਡੀ ਬਰਾੜ ਨੇ ਇੱਕ ਹੋਰ ਬੰਦਾ ਮਰਵਾਇਆ, ਰੂਸ 'ਚ ਕਰਵਾਇਆ ਕਤਲ



ਨਵੀਂ ਦਿੱਲੀ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਭਾਰਤ ਦੇ ਮੋਸਟ ਵਾਂਟੇਡ ਗੈਂਗਸਟਰਾਂ ਵਿੱਚੋਂ ਇੱਕ ਗੈਂਗਸਟਰ ਗੋਲਡੀ ਬਰਾੜ ਨੇ ਇੱਕ ਹੋਰ ਕਤਲ ਵਿੱਚ ਹੱਥ ਹੋਣ ਦਾ ਦਾਅਵਾ ਕੀਤਾ ਹੈ। ਉਸ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ 'ਚ ਕਿਹਾ ਹੈ ਕਿ ਉਸ ਨੇ ਰੂਸ 'ਚ ਬਦਨਾਮ ਗੈਂਗਸਟਰ ਭੁੱਪੀ ਰਾਣਾ ਦੇ ਬੰਦੇ ਦਾ ਕਤਲ ਕਰਵਾਇਆ ਸੀ। ਗੋਲਡੀ ਬਰਾੜ ਨੇ ਦਾਅਵਾ ਕੀਤਾ ਹੈ ਕਿ ਭੱਪੀ ਰਾਣਾ ਨੇ ਆਪਣੇ ਬੰਦੇ ਨੂੰ ਮੁਖਬਰ ਬਣਾ ਕੇ ਸਾਡੇ ਗਰੋਹ ਵਿੱਚ ਸ਼ਾਮਲ ਕੀਤਾ ਸੀ। ਇਸ ਲਈ ਅਸੀਂ ਬਦਲਾ ਲਿਆ ਹੈ। ਗੋਲਡੀ ਬਰਾੜ ਨੇ ਕਿਹਾ ਹੈ ਕਿ ਉਸ ਬੰਦੇ ਦਾ ਨਾਂ ਅਜੇ ਰਾਣਾ ਸੀ। ਉਸ ਨੇ ਗੋਲਡੀ ਬਰਾੜ ਗੈਂਗ ਵਿੱਚ ਸ਼ਾਮਲ ਹੋਣ ਤੋਂ ਬਾਅਦ ਭੱਪੀ ਰਾਣਾ ਨੂੰ ਸੂਚਨਾ ਦੇਣੀ ਸ਼ੁਰੂ ਕਰ ਦਿੱਤੀ ਸੀ। ਗੋਲਡੀ ਬਰਾੜ ਅਨੁਸਾਰ ਜਦੋਂ ਅਜੇ ਰਾਣਾ ਦੀ ਸੱਚਾਈ ਸਾਹਮਣੇ ਆਈ ਤਾਂ ਉਸ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਗਿਆ। ਗੋਲਡੀ ਬਰਾੜ ਨੇ ਅਜੈ ਰਾਣਾ ਦੀ ਤਸਵੀਰ ਵੀ ਸੋਸ਼ਲ ਮੀਡੀਆ 'ਤੇ ਪੋਸਟ ਕੀਤੀ ਹੈ। ਦੱਸ ਦੇਈਏ ਕਿ ਗੋਲਡੀ ਬਰਾੜ ਨੇ ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਦਾ ਕਤਲ ਵੀ ਕਰਵਾਇਆ ਸੀ। ਗੋਲਡੀ ਬਰਾੜ ਇਸ ਸਮੇਂ ਭਾਰਤ ਤੇ ਕੈਨੇਡਾ ਵਿੱਚ ਲੋੜੀਂਦਾ ਹੈ। ਇਸ ਸਮੇਂ ਉਹ ਅਮਰੀਕਾ ਵਿੱਚ ਰਹਿ ਰਿਹਾ ਹੈ ਤੇ ਉਥੋਂ ਅਪਰਾਧ ਕਰ ਰਿਹਾ ਹੈ। ਦੱਸ ਦਈਏ ਕਿ ਗੋਲਡੀ–ਬਰਾੜ–ਬਿਸ਼ਨੋਈ ਗੈਂਗ ਦੇ ਲੋਕਾਂ ਦੀ ਦੁਸ਼ਮਣੀ ਕਾਰਨ ਨਾ ਸਿਰਫ ਭਾਰਤ ਸਗੋਂ ਕੈਨੇਡਾ, ਫਿਲੀਪੀਨਜ਼ ਤੇ ਰੂਸ ਵਿੱਚ ਵੀ ਲੋਕ ਆਪਣੀਆਂ ਜਾਨਾਂ ਗੁਆ ਰਹੇ ਹਨ। ਭਾਰਤ ਸਰਕਾਰ ਦਾ ਦਾਅਵਾ ਹੈ ਕਿ ਗੋਲਡੀ ਬਰਾੜ ਪਾਕਿਸਤਾਨ ਦੀ ਮਦਦ ਨਾਲ ਭਾਰਤ 'ਚ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦਿੰਦਾ ਰਿਹਾ ਹੈ।

## ਕੁੰਵਰ ਵਿਜੇ ਪ੍ਰਤਾਪ ਦੀ ਨਰਾਜ਼ਗੀ ਕਰੇਗੀ ਆਪ ਦਾ ਨੁਕਸਾਨ ? ਸੀਐਮ ਦੀਆਂ ਮੀਟਿੰਗਾਂ ਤੋਂ ਬਣਾਈ ਦੂਰੀ

ਅੰਮ੍ਰਿਤਸਰ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਆਪਣੀ ਹੀ ਸਰਕਾਰ ਦੇ ਖ਼ਿਲਾਫ਼ ਡਟ ਕੇ ਬੋਲਣ ਵਾਲੇ ਅੰਮ੍ਰਿਤਸਰ ਉੱਤਰੀ ਤੋਂ ਵਿਧਾਇਕ ਕੁੰਵਰ ਵਿਜੇ ਪ੍ਰਤਾਪ ਨੇ ਮੁੱਖ ਮੰਤਰੀ ਦੀਆਂ ਬੈਠਕਾਂ ਤੋਂ ਦੂਰੀ ਬਣਾ ਲਈ ਹੈ। ਪਹਿਲਾਂ ਉਹ ਅਕਸਰ ਆਪਣਾ ਵਿਰੋਧ ਸੋਸ਼ਲ ਮੀਡੀਆ ਉੱਤੇ ਸਾਂਝਾ ਕਰਦੇ ਸੀ ਪਰ ਹੁਣ ਲਗਦਾ ਹੈ ਜਿਵੇਂ ਉਨ੍ਹਾਂ ਨੇ ਸਰਕਾਰ ਦੇ ਨਾਲ–ਨਾਲ ਸੋਸ਼ਲ ਮੀਡੀਆ ਤੋਂ ਕਿਨਾਰਾ ਕਰ ਲਿਆ ਹੈ। ਜ਼ਿਕਰ ਕਰ ਦਈਏ ਕਿ ਚੰਡੀਗੜ੍ਹ ਵਿੱਚ ਅੰਮ੍ਰਿਤਸਰ ਲੋਕ ਸਭਾ ਸੀਟ ਨੂੰ ਲੈ ਕੇ ਹੋਈ ਆਮ ਆਦਮੀ ਪਾਰਟੀ ਦੇ ਆਗੂਆਂ ਦੀ ਮੀਟਿੰਗ ਵਿੱਚ ਕੁੰਵਰ ਵਿਜੇ ਪ੍ਰਤਾਪ ਸ਼ਾਮਲ ਨਹੀਂ ਹੋਏ। ਇਸ ਬੈਠਕ ਵਿੱਚ ਆਪ ਦੇ ਵਿਧਾਇਕਾਂ ਸਮੇਤ ਮਜੀਠਾ ਤੇ ਰਾਜਾ ਸਾਂਸੀ ਤੋਂ ਹਲਕਾ ਇੰਚਾਰਜਾਂ ਨੇ ਹਿੱਸਾ ਲਿਆ ਪਰ ਇਸ ਵਿੱਚੋਂ ਕੁੰਵਰ ਵਿਜੇ ਪ੍ਰਤਾਪ ਨੇ ਦੂਰੀ ਬਣਾ ਕੇ ਰੱਖਣਾ ਹੀ ਮੁਨਾਸਿਬ ਸਮਝਿਆ ਦਰਅਸਲ, ਸੱਤਾ ਵਿੱਚ ਆਉਣ ਤੋਂ ਬਾਅਦ ਵਿਧਾਇਕ ਨੇ ਆਪਣੀ ਹੀ ਪਾਰਟੀ ਦੇ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਸੀ। ਉਨ੍ਹਾਂ ਨੇ ਬਹਿਬਲ ਕਲਾਂ ਤੇ ਬਰਗਾੜੀ ਦੇ ਮੁੱਦਿਆਂ ਨੂੰ ਲੈ ਕੇ ਸਰਕਾਰ ਦੀ ਸਾਰਿਆਂ ਸਾਹਮਣੇ ਮੁਖ਼ਾਲਫ਼ਤ ਕਰਨੀ ਸ਼ੁਰੂ ਕਰ ਦਿੱਤੀ। ਇਸ ਮੌਕੇ ਉਨ੍ਹਾਂ ਨੇ ਸੋਸ਼ਲ ਮੀਡੀਆ ਉੱਤੇ ਵੀ ਆਪਣੀ ਸਰਕਾਰ ਨੂੰ ਭੰਡਣ ਦੀ ਕੋਈ ਕਸਰ ਨਹੀਂ ਛੱਡੀ। ਸੁਸ਼ੀਲ ਰਿੰਕੂ ਤੇ ਵਿਧਾਇਕ ਸ਼ੀਤਲ ਅੰਗੁਰਾਲ ਦੇ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋਣ ਤੋਂ ਬਾਅਦ ਕੁੰਵਰ ਵਿਜੇ ਪ੍ਰਤਾਪ ਨੇ ਪਾਰਟੀ ਦੇ ਸੀਨੀਅਰ ਲੀਡਰਾਂ ਨੂੰ ਜ਼ਿੰਮੇਵਾਰ ਠਹਿਰਾਇਆ ਸੀ।



### ਪੰਜਾਬ ਸਰਕਾਰ ਦਾ ਸ਼ਹੀਦਾਂ ਦੀ ਧਰਤੀ 'ਤੇ 'ਸਿਆਸੀ ਵਰਤ'

# ਸਾਡੇ ਦੇਸ਼ ਦੇ ਲੋਕਤੰਤਰ ਤੇ ਸੰਵਿਧਾਨ ਦਾ ਕੀ ਬਣੂਗਾ : ਭਗਵੰਤ ਮਾਨ

- ਭਾਜਪਾ ਭ੍ਰਿਸ਼ਟ ਲੋਕਾਂ ਨੂੰ ਪਾਰਟੀ ਨਾਲ ਜੋੜਨ ਦਾ ਕੰਮ ਕਰ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਿੱਥੇ ਵੀ ਕਹਿਣ, ਭ੍ਰਿਸ਼ਟਾਚਾਰੀਆਂ ਨੂੰ ਨਹੀਂ ਰਹਿਣ ਦੇਣਗੇ। ਉਨ੍ਹਾਂ ਦਾ ਮਤਲਬ ਇਹ ਹੈ ਕਿ ਮੈਂ ਉਨ੍ਹਾਂ ਨੂੰ ਪਾਰਟੀ 'ਚ ਸ਼ਾਮਲ ਕਰਾਂਗਾ...

ਖਟਕੜ ਕਲਾਂ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਖਟਕੜ ਕਲਾਂ ਵਿਖੇ ਸੀਐਮ ਭਗਵੰਤ ਮਾਨ ਅਤੇ ਪਾਰਟੀ ਦੇ ਕਈ ਵੱਡੇ ਆਗੂ ਇੱਕ ਦਿਨ ਦੇ ਵਰਤ ਲਈ ਪੁੱਜੇ। ਐਤਵਾਰ 7 ਅਪ੍ਰੈਲ ਨੂੰ ਆਮ ਆਦਮੀ ਪਾਰਟੀ (ਆਪ) ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਗ੍ਰਿਫਤਾਰੀ ਦੇ ਵਿਰੋਧ 'ਚ 'ਆਪ' ਆਗੂ ਤੇ ਵਰਕਰ ਦੇਸ਼ ਭਰ 'ਚ ਭੁੱਖ ਹੜਤਾਲ ਕਰ ਰਹੇ ਹਨ। ਸੀਐਮ ਭਗਵੰਤ ਮਾਨ ਨੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨ ਤੋਂ ਬਾਅਦ ਆਪਣੇ ਸੰਬੋਧਨ ਦੀ ਸ਼ੁਰੂਆਤ ਕਰਦਿਆਂ ਭ੍ਰਿਸ਼ਟਾਚਾਰ ਨੂੰ ਲੈ ਕੇ ਕੇਂਦਰ ਦੀ ਭਾਜਪਾ ਸਰਕਾਰ 'ਤੇ ਹਮਲਾ ਬੋਲਿਆ। ਮਾਨ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਇਨਸਾਨ ਨਹੀਂ, ਇੱਕ ਸੋਚ ਹਨ। ਇਸ ਦੇ ਨਾਲ ਹੀ ਭਾਜਪਾ 'ਤੇ ਭ੍ਰਿਸ਼ਟਾਚਾਰ ਦਾ ਦੋਸ਼ ਲਾਇਆ। ਉਨ੍ਹਾਂ ਕਿਹਾ ਕਿ ਭਾਜਪਾ ਭ੍ਰਿਸ਼ਟ ਲੋਕਾਂ ਨੂੰ ਪਾਰਟੀ ਨਾਲ ਜੋੜਨ ਦਾ ਕੰਮ ਕਰ ਰਹੀ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਜਿੱਥੇ ਵੀ ਕਹਿਣ, ਭ੍ਰਿਸ਼ਟਾਚਾਰੀਆਂ ਨੂੰ ਨਹੀਂ ਰਹਿਣ ਦੇਣਗੇ। ਉਨ੍ਹਾਂ ਦਾ ਮਤਲਬ ਇਹ ਹੈ ਕਿ ਮੈਂ ਉਨ੍ਹਾਂ ਨੂੰ ਪਾਰਟੀ 'ਚ ਸ਼ਾਮਲ ਕਰਾਂਗਾ। ਦਲ–ਬਦਲੂਆਂ 'ਤੇ ਚੁਟਕੀ ਲੈਂਦਿਆਂ ਸੀ.ਐਮ ਮਾਨ ਨੇ ਕਿਹਾ ਕਿ ਸਾਨੂੰ ਦੇਸ਼ ਅਤੇ ਪੰਜਾਬ ਨੂੰ ਪਿਆਰ ਕਰਨ ਵਾਲੇ ਲੋਕਾਂ ਦੀ ਲੋੜ ਹੈ। ਜਿਸ ਨੇ ਕੱਲ੍ਹ ਜਾਣਾ ਸੀ ਉਹ ਅੱਜ ਜਾ। ਮਾਨ ਨੇ ਕਿਹਾ–ਲੱਗੀ ਨਾਲੋਂ ਟੁੱਟੀ ਚੰਗੀ ਬੇਕਦਰਾਂ ਨਾਲ ਲਾਈ ਯਾਰੀ। ਭਗਵੰਤ ਮਾਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਸਾਬ੍ਹ ਆਪਣੀ ਪੜ੍ਹਾਈ ਦੀਆਂ ਡਿਗਰੀਆਂ ਛੱਡੋ ਚਾਹ ਵਾਲੀ ਕੇਤਲੀ ਹੀ ਦਿਖਾ ਦਿਓ... ਜਿਸ ਵਿੱਚ ਤੁਸੀਂ ਚਾਹ ਵੇਚਦੇ ਸੀ... ਹੁਣ ਲੋਕ ਤੁਹਾਡੇ ਜੁਮਲਿਆਂ ਤੇ ਝੂਠ ਦੇ ਜਾਲ ਵਿੱਚ ਨਹੀਂ ਫਸਣ ਵਾਲੇ..।

**ਕਿਹਾ ਕਿ ਅਰਵਿੰਦ ਕੇਜਰੀਵਾਲ ਇਨਸਾਨ ਨਹੀਂ, ਇੱਕ ਸੋਚ ਹਨ**

## ਸੀਐਮ ਦੇ ਧਰਨੇ ਨੂੰ ਜਾਖੜ ਨੇ ਦੱਸਿਆ ਪਾਖੰਡ, ਕਿਹਾ-ਭਗਵੰਤ ਮਾਨ ਜੀ ਆਦਤਾਂ ਸੁਧਾਰੋ, ਤੁਹਾਨੂੰ ਅਜੇ ਵੀ ਅਕਲ ਨਹੀਂ ਆਈ



ਚੰਡੀਗੜ੍ਹ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਆਮ ਆਦਮੀ ਪਾਰਟੀ ਦੇ ਸੁਪਰੀਮੋ ਅਰਵਿੰਦ ਕੇਜਰੀਵਾਲ ਦੀ ਗ੍ਰਿਫਤਾਰੀ ਨੂੰ ਲੈ ਲਗਾਤਾਰ ਆਪ ਵੱਲੋਂ ਵਿਰੋਧ ਕੀਤਾ ਰਿਹਾ ਹੈ। ਇਸ ਵਿਚਾਲੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਸੀਨੀਅਰ ਆਗੂ ਖਟਕੜ ਕਲਾਂ ਵਿਖੇ ਸਮੂਹਿਕ ਵਰਤ 'ਤੇ ਬੈਠੇ। ਇਸ ਤੋਂ ਬਾਅਦ ਭਾਰਤੀ ਜਨਤਾ ਪਾਰਟੀ ਦੇ ਪੰਜਾਬ ਪ੍ਰਧਾਨ ਸੁਨੀਲ ਜਾਖੜ ਨੇ ਨਿਸ਼ਾਨਾ ਸਾਧਦਿਆਂ ਕਿਹਾ ਸ਼ਹੀਦਾਂ ਦੀ ਪਵਿੱਤਰ ਧਰਤੀ ਖਟਕੜ ਕਲਾਂ ਵਿਖੇ ਜੋ ਨਾਟਕ ਕੀਤਾ ਹੈ ਉਸ ਲਈ ਪੰਜਾਬੀ ਤੁਹਾਨੂੰ ਕਦੇ ਮਾਫ ਨਹੀਂ ਕਰਨਗੇ। ਸੁਨੀਲ ਜਾਖੜ ਨੇ ਸੋਸ਼ਲ ਮੀਡੀਆ ਉੱਤੇ ਵੀਡੀਓ ਸਾਂਝੀ ਕਰਦਿਆਂ ਕਿਹਾ, ਭਗਵੰਤ ਮਾਨ ਜੀ ਤੁਸੀਂ ਅੱਜ ਸ਼ਹੀਦਾਂ ਦੀ ਪਵਿੱਤਰ ਧਰਤੀ ਖਟਕੜ ਕਲਾਂ ਵਿਖੇ ਜੋ ਨਾਟਕ ਕੀਤਾ ਹੈ ਉਸ ਲਈ ਪੰਜਾਬੀ ਤੁਹਾਨੂੰ ਕਦੇ ਮਾਫ ਨਹੀਂ ਕਰਨਗੇ। ਮਹਾਨ ਸ਼ਹੀਦ ਭਗਤ ਸਿੰਘ ਦੇ ਜਨਮ ਸਥਾਨ ਤੇ ਤੁਸੀਂ ਦਾਰੂ ਦੇ ਘੁਟਾਲੇ ਵਿੱਚ ਸ਼ਾਮਿਲ ਆਪਣੇ ਆਗੂ ਦੀ ਸ਼ਹੀਦ ਭਗਤ ਸਿੰਘ ਵਾਂਗ ਹੀ ਸਲਾਖਾਂ ਪਿੱਛੇ ਤਸਵੀਰ ਲਾ ਕੇ ਪੰਜਾਬੀਆਂ ਦੇ ਹਿਰਦੇ ਵਲੂੰਧਰੇ ਹਨ। ਭਗਵੰਤ ਮਾਨ ਜੀ ਤੁਸੀਂ ਅੱਜ ਸ਼ਹੀਦਾਂ ਦੀ ਪਵਿੱਤਰ ਧਰਤੀ ਖਟਕੜ ਕਲਾਂ ਵਿਖੇ ਜੋ ਨਾਟਕ ਕੀਤਾ ਹੈ ਉਸ ਲਈ ਪੰਜਾਬੀ ਤੁਹਾਨੂੰ ਕਦੇ ਮਾਫ ਨਹੀਂ ਕਰਨਗੇ।

### ਹਰਜੀਤ ਗਰੇਵਾਲ ਤੇ ਅਰਵਿੰਦ ਖੰਨਾ ਦਾ ਕਿਸਾਨਾਂ ਵੱਲੋਂ ਜ਼ਬਰਦਸਤ ਵਿਰੋਧ

## ਬੀਜੇਪੀ ਲੀਡਰ ਬੋਲੇ ਵਿਰੋਧੀ ਧਿਰਾਂ ਕਰਵਾ ਰਹੀਆਂ ਵਿਰੋਧ

ਲਹਿਰਾਗਾਗਾ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਲਹਿਰਾਗਾਗਾ ਵਿੱਚ ਭਾਰਤੀ ਜਨਤਾ ਪਾਰਟੀ ਵੱਲੋਂ ਕਰਵਾਏ ਜਾ ਰਹੇ ਬੂਥ ਸੰਮੇਲਨ ਵਿੱਚ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਨੇ ਜ਼ਬਰਦਸਤ ਵਿਰੋਧ ਕੀਤਾ। ਕਿਸਾਨ ਯੂਨੀਅਨ ਨੇ ਭਾਜਪਾ ਦੇ ਬੂਥ ਸੰਮੇਲਨ ਦੇ ਗੇਟ ਅੱਗੇ ਪਹੁੰਚ ਕੇ ਨਾਅਰੇਬਾਜੀ ਕਰਕੇ ਤੇ ਕਾਲੀਆਂ ਝੰਡੀਆਂ ਦਿਖਾ ਕੇ ਰੋਸ ਜਤਾਇਆ। ਕਿਸਾਨਾਂ ਨੂੰ ਰੋਕਣ ਲਈ ਭਾਰੀ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ। ਕਿਸਾਨਾਂ ਦੇ ਵਿਰੋਧ ਨੂੰ ਲੈ ਕੇ ਭਾਜਪਾ ਨੇਤਾ ਹਰਜੀਤ ਸਿੰਘ ਗਰੇਵਾਲ ਦਾ ਵੀ ਵੱਡਾ ਬਿਆਨ ਆਇਆ ਹੈ। ਉਨ੍ਹਾਂ ਨੇ ਕਿਹਾ ਕਿ ਅਕਾਲੀ ਦਲ, ਆਮ ਆਦਮੀ ਪਾਰਟੀ ਤੇ ਕਾਂਗਰਸ ਸਾਡਾ ਵਿਰੋਧ ਕਰਵਾ ਰਹੇ ਹਨ। ਕਿਸਾਨ ਯੂਨੀਅਨ ਦੇ ਲੀਡਰਾਂ ਤੇ ਵਰਕਰਾਂ ਨੂੰ ਪੁਲਿਸ ਵੱਲੋਂ ਰੋਕਿਆ ਗਿਆ ਤਾਂ ਉਨ੍ਹਾਂ ਨੇ ਬੱਸ ਸਟੈਂਡ ਨੇੜੇ ਧਰਨਾ ਸ਼ੁਰੂ ਕਰ ਦਿੱਤਾ। ਭਾਜਪਾ ਦੇ ਵਾਈਸ ਪ੍ਰਧਾਨ ਅਰਵਿੰਦ ਖੰਨਾ ਤੇ ਲੋਕ ਸਭਾ ਚੋਣਾਂ ਦੇ ਜ਼ੋਨਲ ਇੰਚਾਰਜ ਹਰਜੀਤ ਸਿੰਘ ਗਰੇਵਾਲ ਜਦੋਂ ਪ੍ਰੋਗਰਾਮ ਵਿੱਚ ਪਹੁੰਚੇ ਤਾਂ ਕਿਸਾਨਾਂ ਨੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਕਿਸਾਨਾਂ ਦੀ ਪੁਲਿਸ ਨਾਲ ਵੀ ਤਿੱਖੀ ਬਹਿਸ ਹੋਈ। ਭਾਰਤੀ ਕਿਸਾਨ ਯੂਨੀਅਨ ਦੇ ਆਗੂਆਂ ਨੇ ਦੱਸਿਆ ਹੈ ਕਿ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਤੇ ਪੰਜਾਬ ਵਿੱਚ ਕਿਤੇ ਵੀ ਭਾਜਪਾ ਦਾ ਪ੍ਰੋਗਰਾਮ ਹੁੰਦਾ ਹੈ ਤਾਂ ਉੱਥੇ ਪ੍ਰਧਾਨ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਵੱਲੋਂ ਵਿਰੋਧ ਕੀਤਾ ਜਾਂਦਾ ਹੈ। ਇਸੇ ਦੇ ਚਲਦਿਆਂ ਅੱਜ ਲਹਿਰਾਗਾਗਾ ਵਿਖੇ ਭਾਜਪਾ ਵੱਲੋਂ ਬੂਥ ਸੰਮੇਲਨ ਕੀਤਾ ਗਿਆ ਜਿਸ ਵਿੱਚ ਭਾਜਪਾ ਦੇ ਵੱਡੇ ਆਗੂ ਪਹੁੰਚ ਰਹੇ ਹਨ। ਉਨ੍ਹਾਂ ਦਾ ਘਰਾਓ ਕਰਨ ਲਈ ਤੇ ਉਨ੍ਹਾਂ ਨੂੰ ਸਵਾਲ ਕਰਨ ਲਈ ਤੇ ਵਿਰੋਧ ਕਰਨ ਲਈ ਪਹੁੰਚੇ ਹਾਂ। ਇਸ ਦੌਰਾਨ ਭਾਜਪਾ ਨੇਤਾ ਹਰਜੀਤ ਸਿੰਘ ਗਰੇਵਾਲ ਨੇ ਕਿਹਾ ਇਹ ਵਿਰੋਧ ਕਿਸਾਨ ਨਹੀਂ ਕਰ ਰਹੇ। ਇਹ ਰਾਜਨੀਤਿਕ ਪਾਰਟੀਆਂ ਸਾਡਾ ਵਿਰੋਧ ਕਰਵਾ ਰਹੀਆਂ ਹਨ।

## ਤਮਿਲਨਾਡੂ ਪੁਲਿਸ ਵੱਲੋਂ ਸਰਵਣ ਸਿੰਘ ਪੰਧੇਰ ਸਮੇਤ 4 ਕਿਸਾਨ ਆਗੂ ਗ੍ਰਿਫ਼ਤਾਰ

- ਸ਼ੰਭੂ ਸਰਹੱਦ 'ਤੇ ਅੰਦੋਲਨ ਦੀ ਅਗਵਾਈ ਕਰ ਰਹੇ ਪੰਜਾਬ ਦੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਸਮੇਤ ਚਾਰ ਕਿਸਾਨ ਆਗੂਆਂ ਨੂੰ ਤਾਮਿਲਨਾਡੂ 'ਚ ਗ੍ਰਿਫ਼ਤਾਰ ਕਰ ਲਿਆ ਗਿਆ ਹੈ...



ਸ਼ੰਭੂ ਸਰਹੱਦ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਸ਼ੰਭੂ ਸਰਹੱਦ 'ਤੇ ਅੰਦੋਲਨ ਦੀ ਅਗਵਾਈ ਕਰ ਰਹੇ ਪੰਜਾਬ ਦੇ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਸਮੇਤ ਚਾਰ ਕਿਸਾਨ ਆਗੂਆਂ ਨੂੰ ਤਾਮਿਲਨਾਡੂ 'ਚ ਗ੍ਰਿਫ਼ਤਾਰ ਕਰ ਲਿਆ ਗਿਆ ਹੈ। ਕਿਸਾਨ ਆਗੂ ਸਰਵਣ ਸਿੰਘ ਪੰਧੇਰ, ਗੁਰਮੀਤ ਸਿੰਘ ਮਾਂਗਟ, ਮਨਜੀਤ ਸਿੰਘ ਰਾਏ ਅਤੇ ਹਰਵਿੰਦਰ ਸਿੰਘ ਮਸਾਨੀਆ ਸ਼ਨੀਵਾਰ ਨੂੰ ਹੀ ਤਾਮਿਲਨਾਡੂ ਪੁੱਜੇ ਸਨ। ਦੱਸ ਦਈਏ ਕਿ ਪੁਲਿਸ ਨੇ ਐਤਵਾਰ ਨੂੰ ਕੋਇੰਬਟੂਰ ਜ਼ਿਲ੍ਹੇ ਵਿੱਚ ਚਾਰੋਂ ਕਿਸਾਨਾਂ ਨੂੰ ਗ੍ਰਿਫ਼ਤਾਰ ਕਰ ਲਿਆ। ਕਿਸਾਨ ਇੱਥੇ ਕੇਂਦਰ ਸਰਕਾਰ ਦਾ ਪੁਤਲਾ ਫੂਕ ਰਹੇ ਸਨ। ਇਸ ਤੋਂ ਪਹਿਲਾਂ ਵੀ ਪੁਲੀਸ ਨੇ ਕਿਸਾਨ ਆਗੂਆਂ ਨੂੰ ਰੋਕ ਲਿਆ। ਜ਼ਿਕਰ ਕਰ ਦਈਏ ਕਿ ਕਿਸਾਨ ਸ਼ੁਭਕਰਨ ਦੀ ਮੌਤ ਤੋਂ ਬਾਅਦ ਹਰਿਆਣਾ–ਪੰਜਾਬ ਦੇ ਸ਼ੰਭੂ ਅਤੇ ਖਨੌਰੀ ਬਾਰਡਰ 'ਤੇ ਸ਼ਾਂਤਮਈ ਢੰਗ ਨਾਲ ਪ੍ਰਦਰਸ਼ਨ ਕਰ ਰਹੇ ਕਿਸਾਨ ਨਵਦੀਪ ਸਿੰਘ ਦੀ ਗ੍ਰਿਫਤਾਰੀ ਤੋਂ ਬਾਅਦ ਹੁਣ ਅੰਦੋਲਨ ਹੋਰ ਤੇਜ਼ ਹੋ ਗਿਆ ਹੈ। ਪੰਜਾਬ ਸਮੇਤ ਦੇਸ਼ ਭਰ ਵਿੱਚ ਕਿਸਾਨਾਂ ਨੇ ਕੇਂਦਰ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਅਤੇ ਪੁਤਲੇ ਫੂਕੇ। ਸੰਯੁਕਤ ਕਿਸਾਨ ਮੋਰਚਾ (ਗੈਰ–ਸਿਆਸੀ) ਅਤੇ ਕਿਸਾਨ–ਮਜ਼ਦੂਰ ਮੋਰਚਾ ਦੇ ਸੱਦੇ 'ਤੇ 13 ਫਰਵਰੀ ਤੋਂ ਕਿਸਾਨ ਅੰਦੋਲਨ ਚੱਲ ਰਿਹਾ ਹੈ। ਪੁਲਿਸ ਨੇ ਕਈ ਕਿਸਾਨ ਆਗੂਆਂ ਨੂੰ ਗ੍ਰਿਫ਼ਤਾਰ ਵੀ ਕੀਤਾ ਹੈ। ਕਿਸਾਨਾਂ ਦਾ ਕਹਿਣਾ ਹੈ ਕਿ 10 ਫਰਵਰੀ ਤੋਂ ਲੈ ਕੇ ਹੁਣ ਤੱਕ ਹਰਿਆਣਾ ਵਿੱਚ ਸੈਂਕੜੇ ਕਿਸਾਨਾਂ ਨੂੰ ਪੁਲਿਸ ਨੇ ਗ੍ਰਿਫ਼ਤਾਰ ਕਰ ਲਿਆ ਹੈ। ਇਨ੍ਹਾਂ ਵਿੱਚੋਂ 5 ਕਿਸਾਨ ਆਗੂ ਅਜੇ ਵੀ ਜੇਲ੍ਹ ਵਿੱਚ ਹਨ।

## ਹਾਈਕੋਰਟ ਦੀ ਪੁਲਿਸ ਨੂੰ ਫਟਕਾਰ ! ਕਿਸਾਨ ਪ੍ਰਿਤਪਾਲ ਦੇ ਬਿਆਨਾਂ ਦੇ ਬਾਵਜੂਦ ਜ਼ੀਰੋ ਐਫਆਈਆਰ ਕਿਉਂ ?

ਚੰਡੀਗੜ੍ਹ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)– ਪੰਜਾਬ–ਹਰਿਆਣਾ ਹਾਈਕੋਰਟ ਨੇ ਨੌਜਵਾਨ ਕਿਸਾਨ ਪ੍ਰਿਤਪਾਲ ਸਿੰਘ ਨੂੰ ਅਗਵਾ ਕਰਨ ਤੇ ਉਸ ਨੂੰ ਗੰਭੀਰ ਜ਼ਖ਼ਮੀ ਕਰਨ ਦੇ ਮਾਮਲੇ ਵਿੱਚ ਉਸ ਦੇ ਬਿਆਨ ਦੇ ਬਾਵਜੂਦ ਜ਼ੀਰੋ ਐਫਆਈਆਰ ਦਰਜ ਕਰਨ ਲਈ ਪੰਜਾਬ ਪੁਲਿਸ ਨੂੰ ਸਖ਼ਤ ਫਟਕਾਰ ਲਗਾਈ ਹੈ। ਹਾਈਕੋਰਟ ਨੇ ਕਿਹਾ ਕਿ ਪ੍ਰਿਤਪਾਲ ਨੇ ਆਪਣੇ ਬਿਆਨ 'ਚ ਕਿਹਾ ਸੀ ਕਿ ਉਸ ਨੂੰ ਹਰਿਆਣਾ ਪੁਲਿਸ ਪੰਜਾਬ ਦੇ ਇਲਾਕੇ 'ਚੋਂ ਚੁੱਕ ਕੇ ਲੈ ਗਈ ਸੀ। ਫਿਰ ਕੀ ਕਾਰਨ ਸੀ ਕਿ ਜ਼ੀਰੋ ਐਫਆਈਆਰ ਦਰਜ ਕੀਤੀ ਗਈ। ਹਾਈਕੋਰਟ ਨੇ ਹੁਣ ਪ੍ਰਿਤਪਾਲ ਦੀ ਮੈਡੀਕਲ ਰਿਪੋਰਟ ਪੁਲਿਸ ਨੂੰ ਉਪਲਬਧ ਕਰਵਾਉਣ ਦੇ ਹੁਕਮ ਦਿੱਤੇ ਹਨ। ਇਸ ਦੇ ਨਾਲ ਹੀ ਪੁਲਿਸ ਨੂੰ ਸਟੇਟਸ ਰਿਪੋਰਟ ਦਰਜ ਕਰਨ ਲਈ ਕਿਹਾ ਹੈ। ਇਸ ਮਾਮਲੇ ਦੀ ਸੁਣਵਾਈ ਦੌਰਾਨ ਪੰਜਾਬ ਸਰਕਾਰ ਵੱਲੋਂ ਦੱਸਿਆ ਗਿਆ ਕਿ ਇਸ ਮਾਮਲੇ ਵਿੱਚ ਜ਼ੀਰੋ ਐਫਆਈਆਰ ਦਰਜ ਕੀਤੀ ਗਈ ਹੈ। ਇਸ 'ਤੇ ਹੈਰਾਨੀ ਪ੍ਰਗਟ ਕਰਦੇ ਹੋਏ ਹਾਈਕੋਰਟ ਨੇ ਕਿਹਾ ਕਿ ਮੈਜਿਸਟ੍ਰੇਟ ਨੂੰ ਦਿੱਤੇ ਬਿਆਨ 'ਚ ਪ੍ਰਿਤਪਾਲ ਨੇ ਸਪੱਸ਼ਟ ਕਿਹਾ ਸੀ ਕਿ ਉਹ ਪੰਜਾਬ 'ਚ ਮੌਜੂਦ ਸੀ ਤੇ ਸ਼ਾਂਤਮਈ ਪ੍ਰਦਰਸ਼ਨ ਦਾ ਹਿੱਸਾ ਸੀ। ਹਰਿਆਣਾ ਪੁਲਿਸ ਉਸ ਨੂੰ ਚੁੱਕ ਕੇ ਲੈ ਗਈ ਸੀ। ਫਿਰ ਜ਼ੀਰੋ ਐਫਆਈਆਰ ਦਰਜ ਕਿਉਂ ਕੀਤੀ ਗਈ। ਹਾਈ ਕੋਰਟ ਨੇ ਐਫਆਈਆਰ ਵਿੱਚ ਪਾਇਆ ਕਿ ਇਸ ਵਿੱਚ ਨਾ ਤਾਂ ਮੈਡੀਕਲ ਰਿਕਾਰਡ ਮੌਜੂਦ ਸੀ ਤੇ ਨਾ ਹੀ ਕਤਲ ਦੀ ਕੋਸ਼ਿਸ਼ ਦੀਆਂ ਧਾਰਾਵਾਂ ਜੋੜੀਆਂ ਗਈਆਂ ਸਨ। ਇਸ 'ਤੇ ਪੰਜਾਬ ਦੇ ਏਜੀ ਨੇ ਕਿਹਾ ਕਿ ਇਸ ਕੇਸ ਦਾ ਰਿਕਾਰਡ ਸਾਡੇ ਕੋਲ ਸੀਲ ਹੈ ਤੇ ਪੁਲਿਸ ਕੋਲ ਨਾ ਹੋਣ ਕਾਰਨ ਐਫਆਈਆਰ ਵਿੱਚ ਕਤਲ ਦੀ ਕੋਸ਼ਿਸ਼ ਦੀ ਧਾਰਾ ਨਹੀਂ ਜੋੜੀ ਗਈ। ਇਸ ਤੋਂ ਪਹਿਲਾਂ ਹਾਈਕੋਰਟ ਨੇ ਪੰਜਾਬ ਸਰਕਾਰ ਤੋਂ ਪੁੱਛਿਆ ਸੀ ਕਿ ਪ੍ਰਿਤਪਾਲ ਦੇ ਪਿਤਾ ਵੱਲੋਂ ਅਗਵਾ ਤੇ ਬੇਰਹਿਮੀ ਨਾਲ ਕੁੱਟਮਾਰ ਸਬੰਧੀ ਡੀਜੀਪੀ ਨੂੰ ਦਿੱਤੀ ਗਈ ਸ਼ਿਕਾਇਤ 'ਤੇ ਕੀ ਕਾਰਵਾਈ ਕੀਤੀ ਗਈ ਹੈ। ਦੱਸ ਦਈਏ ਕਿ ਪ੍ਰਿਤਪਾਲ ਨੇ ਆਪਣੇ ਬਿਆਨ ਵਿੱਚ ਕਿਹਾ ਸੀ ਕਿ ਉਹ ਪ੍ਰਦਰਸ਼ਨਕਾਰੀਆਂ ਦੇ ਨਾਲ ਸ਼ਾਂਤਮਈ ਢੰਗ ਨਾਲ ਧਰਨੇ ਦਾ ਹਿੱਸਾ ਬਣਿਆ ਸੀ। ਇਸ ਦੌਰਾਨ ਹਰਿਆਣਾ ਪੁਲਿਸ ਨੇ ਹਮਲਾ ਕਰਕੇ ਉਸ ਨੂੰ ਜ਼ਖ਼ਮੀ ਕਰ ਦਿੱਤਾ। ਇਸ ਤੋਂ ਬਾਅਦ ਉਸ ਨੂੰ ਧੂਹ ਕੇ ਹਰਿਆਣਾ ਦੇ ਇਲਾਕੇ ਵਿੱਚ ਲੈ ਗਏ। ਉਸ ਨੂੰ ਬੇਹੋਸ਼ ਹੋਣ ਤੱਕ ਕੁੱਟਿਆ ਗਿਆ। ਬਾਅਦ ਵਿੱਚ ਜਦੋਂ ਉਸ ਦੀ ਹਾਲਤ ਵਿਗੜ ਗਈ ਤਾਂ ਉਹ ਉਸ ਨੂੰ ਤੁਰੰਤ ਪੀਜੀਆਈ ਰੋਹਤਕ ਲੈ ਗਏ। ਦਰਅਸਲ ਪਟੀਸ਼ਨ ਦਾਇਰ ਕਰਦੇ ਹੋਏ ਸੰਗਰੂਰ ਵਾਸੀ ਦਵਿੰਦਰ ਸਿੰਘ ਨੇ ਕਿਹਾ ਸੀ ਕਿ ਕਿਸਾਨਾਂ ਦੇ ਸ਼ਾਂਤਮਈ ਧਰਨੇ ਵਿੱਚੋਂ ਹਰਿਆਣਾ ਪੁਲਿਸ ਉਨ੍ਹਾਂ ਦੇ ਲੜਕੇ ਨੂੰ ਅਗਵਾ ਕਰਕੇ ਲੈ ਗਈ ਸੀ। ਉਸ ਨੂੰ ਅਣਮਨੁੱਖੀ ਢੰਗ ਨਾਲ ਕੁੱਟਿਆ ਗਿਆ ਤੇ ਉਸ ਦੀ ਹਾਲਤ ਨਾਜ਼ੁਕ ਬਣੀ ਹੋਈ ਹੈ। ਪੁਲਿਸ ਨੇ ਉਸ ਨੂੰ ਗੈਰ–ਕਾਨੂੰਨੀ ਤੌਰ 'ਤੇ ਹਿਰਾਸਤ 'ਚ ਲਿਆ ਹੋਇਆ ਹੈ ਤੇ ਉਸ ਨੂੰ ਲਗਾਤਾਰ ਪ੍ਰੇਸ਼ਾਨ ਕਰ ਰਹੀ ਹੈ। ਹਾਈਕੋਰਟ ਨੂੰ ਅਪੀਲ ਕੀਤੀ ਗਈ ਸੀ ਕਿ ਉਸ ਨੂੰ ਹਰਿਆਣਾ ਪੁਲਿਸ ਤੋਂ ਰਿਹਾਅ ਕਰਵਾ ਕੇ ਇਲਾਜ ਲਈ ਪੀਜੀਆਈ ਚੰਡੀਗੜ੍ਹ ਵਿਖੇ ਦਾਖਲ ਕਰਵਾਇਆ ਜਾਵੇ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਕਾਬਿਲ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਨਤ ਸਰੀਰਕ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੱਕੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642




# ਗੁਰੂ ਕਾਸ਼ੀ ਯੂਨੀਵਰਸਿਟੀ ਦੀ ਵਿਦਿਆਰਥਣ ਰੁਖਸਾਨਾ ਖਾਨ 'ਰਾਸ਼ਟਰੀ ਅਵਾਰਡ' ਨਾਲ ਸਨਮਾਨਿਤ




ਤਲਵੰਡੀ ਸਾਬੋ, 7 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲੁਧਿਆਣਾ ਵਿਖੇ ਆਯੋਜਿਤ 37ਵੇਂ ਇੰਟਰ ਯੂਨੀਵਰਸਿਟੀ ਰਾਸ਼ਟਰੀ ਯੁਵਾ ਮੇਲੇ ਵਿੱਚ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਫੈਕਲਟੀ ਆਫ਼ ਵਿਜ਼ੂਅਲ ਐਂਡ ਪਰਫੋਰਮਿੰਗ ਆਰਟਸ ਦੇ ਵਿਦਿਆਰਥੀਆਂ ਨੇ ਲਲਿਤ ਕਲਾਵਾਂ ਵਿੱਚ ਯੂਨੀਵਰਸਿਟੀ ਦਾ ਨਾਮ ਰੌਸ਼ਨ ਕੀਤਾ। ਕਾਰਟੂਨਿੰਗ ਵਿੱਚ ਆਯੋਜਕਾਂ ਵੱਲੋਂ ਰੁਖਸਾਨਾ ਖਾਨ ਨੂੰ ਰਾਸ਼ਟਰੀ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ ਅਤੇ ਉਸ ਨੇ ਚਾਂਦੀ ਦਾ ਤਮਗਾ ਹਾਸਿਲ ਕੀਤਾ। ਪ੍ਰਦੀਪ ਕੁਮਾਰ ਦੀ ਦੇਖ-ਰੇਖ ਹੇਠ ਇੰਸਟਾਲੇਸ਼ਨ ਦੀ ਟੀਮ ਰਾਜਪਾਲ, ਲਵਪ੍ਰੀਤ ਸਿੰਘ, ਸਿਮਰਜੀਤ ਸਿੰਘ ਤੇ ਰੁਖਸਾਨਾ ਖਾਨ ਨੇ ਟੀਮ ਇਵੈਂਟ ਵਿੱਚ ਦੂਜਾ ਸਥਾਨ ਹਾਸਿਲ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਇਸ ਮੌਕੇ ਚਾਂਸਲਰ ਸ. ਗੁਰਲਾਭ ਸਿੰਘ ਸਿੱਧੂ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦੇ ਹੋਏ ਕਿਹਾ ਕਿ ਹੁਣ ਲਲਿਤ ਕਲਾਵਾਂ ਵਿੱਚ ਵਿਦਿਆਰਥੀਆਂ ਦਾ ਇਹ ਹੁਨਰ ਨਾਮ, ਸ਼ੋਹਰਤ ਦੇ ਨਾਲ-ਨਾਲ ਆਰਥਿਕ ਪੱਖੋਂ ਸਥਾਪਿਤ ਹੋਣ ਲਈ ਖ਼ੂਬਸੂਰਤ ਸਾਧਨ ਹੈ। ਉਨ੍ਹਾਂ ਉੱਭਰ ਰਹੇ ਕਲਾਕਾਰਾਂ ਨੂੰ ਉਜੱਵਲ ਭਵਿੱਖ ਦੀਆਂ ਸ਼ੁੱਭ ਕਾਮਨਾਵਾਂ ਵੀ ਭੇਂਟ ਕੀਤੀਆਂ। ਉਪ ਕੁਲਪਤੀ ਪ੍ਰੋ. (ਡਾ.) ਐਸ.ਕੇ.ਬਾਵਾ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ ਦਾ ਸਿਹਰਾ ਵਿਦਿਆਰਥੀਆਂ ਦੀ ਮਿਹਨਤ ਸਿਰ ਬਨ੍ਹਿਆ। ਉਨ੍ਹਾਂ ਕਿਹਾ ਕਿ ਕਾਰਟੂਨਿੰਗ ਰਾਹੀਂ ਕਲਾਕਾਰ ਆਪਣੀਆਂ ਭਾਵਨਾਵਾਂ ਪ੍ਰਤੀਕਾਤਮਕ, ਵਿਅੰਗਾਤਮਕ ਅਤੇ ਸਿਰਜਣਾਤਮਕ ਤਰੀਕੇ ਨਾਲ ਵਿਅਕਤ ਕਰਦਾ ਹੈ। ਜਿਸ ਨੂੰ ਪਾਠਕਾਂ ਵੱਲੋਂ ਖੂਬ ਪਸੰਦ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਬਣਾਈਆਂ ਕਲਾਕ੍ਰਿਤੀਆਂ ਦੇ ਪ੍ਰਦਰਸ਼ਨ ਲਈ 'ਵਰਸਿਟੀ ਵਿੱਚ ਸ਼ਾਨਦਾਰ ਆਰਟ ਗੈਲਰੀ ਵੀ ਖੋਲ੍ਹੀ ਗਈ ਹੈ। ਡਾ. ਕੰਵਲਜੀਤ ਕੌਰ ਨੇ ਵਿਦਿਆਰਥੀਆਂ ਦੇ ਹੁਨਰ ਦੀ ਸ਼ਲਾਘਾ ਕਰਦਿਆਂ ਕਿਹਾ ਕਿ 'ਵਰਸਿਟੀ ਵੱਲੋਂ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਲਈ ਹਰ ਸਾਲ ਸ਼ਾਨਦਾਰ ਕਲਾ ਪ੍ਰਦਰਸ਼ਨੀਆਂ ਦਾ ਆਯੋਜਨ ਕੀਤਾ ਜਾਂਦਾ ਹੈ। ਜਿਸ ਨੂੰ ਇਲਾਕਾ ਨਿਵਾਸੀਆਂ ਵੱਲੋਂ ਖੂਬ ਸਲਾਹਿਆ ਗਿਆ ਹੈ। ਉਨ੍ਹਾਂ ਦੱਸਿਆ ਕਿ ਇਨ੍ਹਾਂ ਪ੍ਰਦਰਸ਼ਨੀਆਂ ਵਿੱਚ ਵਿਦਿਆਰਥੀਆਂ ਵੱਲੋਂ ਬਣਾਈਆਂ ਗਈਆਂ ਕਲਾਕ੍ਰਿਤੀਆਂ ਨੂੰ ਸ਼ਹਿਰ ਦੇ ਕਈ ਨਾਮੀ ਅਦਾਰਿਆਂ ਵੱਲੋਂ ਖਰੀਦਿਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV








# ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੀ ਯਾਦ ਵਿੱਚ ਹਫਤਾਵਾਰੀ ਸਮਾਗਮ

## ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ









ਤਰਨਤਾਰਨ, 7 ਅਪ੍ਰੈਲ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ )- ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਪਰਿਵਾਰ ਵੱਲੋਂ ਜੂਨ 1984 ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਵਿਖੇ ਸ਼ਹੀਦੀ ਪ੍ਰਾਪਤ ਕਰਨ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਅਤੇ ਸਮੂਹ ਸ਼ਹੀਦ ਸਿੰਘਾਂ ਦੀ ਯਾਦ ਵਿਚ ਹਫਤਾਵਾਰੀ ਸਮਾਗਮ ਕੀਤਾ ਗਿਆ। ਸੰਗਤਾਂ ਵੱਲੋਂ ਰਲ ਮਿਲ ਕੇ ਸ੍ਰੀ ਜਪੁਜੀ ਸਾਹਿਬ,ਸ੍ਰੀ ਸੁਖਮਨੀ ਸਾਹਿਬ ਅਤੇ ਚੌਪਈ ਸਾਹਿਬ ਜੀ ਦੇ ਪਾਠ ਕੀਤੇ ਗਏ।ਆਈਆਂ ਸੰਗਤਾਂ ਵਾਸਤੇ ਸ਼ਰਦਾਈ ਦੇ ਲੰਗਰ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ ।ਇੰਟਰਨੈਸ਼ਨਲ ਪੰਥਕ ਦਲ ਦੇ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵੱਲੋਂ ਆਈਆਂ ਹੋਈਆਂ ਸੰਗਤਾ ਨੂੰ ਜੀ ਆਇਆ ਕਿਹਾ ਅਤੇ ਧੰਨਵਾਦ ਕੀਤਾ ।ਇਸ ਮੌਕੇ ਸ੍ਰ ਸਤਿੰਦਰਪਾਲ ਸਿੰਘ ਜੀ ਮਿੰਟੂ ਮਾੜੀ ਮੇਘਾ, ਸ੍ਰ ਦਿਆਲ ਸਿੰਘ ਜੀ ਪਹੂਵਿੰਡ, ਸ੍ਰ ਜਰਨੈਲ ਸਿੰਘ ਜੀ ਮੀਆਂਪੁਰ ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਸਪਤਨੀ ਬੀਬੀ ਗੁਰਵਿੰਦਰ ਕੌਰ, ਗਿਆਨੀ ਧਰਮ ਸਿੰਘ ਮੱਖੀ, ਬਾਬਾ ਦਇਆ ਸਿੰਘ ਜੀ, ਸ੍ਰ ਕਰਨੈਲ ਸਿੰਘ ਜੀ, ਗੁਰਪ੍ਰੀਤ ਸਿੰਘ, ਸ੍ਰ ਗੁਰਜੀਤ ਸਿੰਘ ਭੁੱਲਰ ਅਲਗੋ ,ਸ੍ਰ ਰਾਜ ਸਿੰਘ ,ਸ੍ਰ ਮਹਿੰਦਰਪਾਲ ਸਿੰਘ, ਸ੍ਰ ਰਾਜ ਸਿੰਘ ਸਪੁੱਤਰ ਸ੍ਰ ਬਖਸੀਸ ਸਿੰਘ, ਸ੍ਰ ਗੁਰਸ਼ਰਨ ਸਿੰਘ, ਬਲਦੇਵ ਸਿੰਘ, ਬਾਬਾ ਜਗਤਾਰ ਸਿੰਘ ਅਤੇ ਹੋਰ ਸੰਗਤਾਂ ਹਾਜਰ ਸਨ ।

ਆਵਾਜ਼ਿ ਕੌਮ AWAZE QAUM
International Newspaper & WEB TV




ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।



✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work
Vaillant APPROVED INSTALLER
WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com
Call us now for a Free no-olbigation quote


THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM
International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ੳ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

# ਇੱਕ ਨਜ਼ਰ



## ਸੇਵਾ ਮੁਕਤ ਡੀਐਸਪੀ ਦਰਸ਼ਨ ਸਿੰਘ ਤੇ ਝੂਠੇ ਇਲਜ਼ਾਮ ਲਗਾਉਣ ਵਾਲੀ ਮਹਿਲਾ ਤੇ ਮਾਮਲਾ ਦਰਜ ਕਰਨ ਦੀ ਮੰਗ

ਸ਼ੇਰਪੁਰ, 7 ਅਪ੍ਰੈਲ ( ਪੱਤਰ ਪ੍ਰੇਰਕ) – ਪੰਜਾਬ ਪੁਲਿਸ ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਦੇ ਆਗੂ ਅਤੇ ਸੇਵਾ ਮੁਕਤ ਡੀਐਸਪੀ ਉੱਘੇ ਸਮਾਜ ਸੇਵੀ ਤੇ ਦਾਨੀ ਸ਼ਖਸੀਅਤ ਦਰਸ਼ਨ ਸਿੰਘ ਤੇ ਮਹੱਲੇ ਦੀ ਇੱਕ ਔਰਤ ਵੱਲੋਂ ਕਥਿਤ ਤੌਰ ਤੇ ਲਗਾਏ ਝੂਠੇ ਇਲਜਾਮਾਂ ਦੀ ਦਲਿਤ ਸਮਾਜ ਦੇ ਆਗੂਆਂ ਵੱਲੋਂ ਸਖਤ ਸ਼ਬਦਾਂ ਵਿੱਚ ਨਿੰਦਾ ਕਰਦਿਆਂ ਇਸ ਮਾਮਲੇ ਤੇ ਔਰਤ ਖਿਲਾਫ ਸਖਤ ਕਾਰਵਾਈ ਦੀ ਮੰਗ ਕੀਤੀ ਗਈ ਹੈ ਅਤੇ ਇਸ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕਰਵਾ ਕੇ ਇਸ ਸਾਜਿਸ ਵਿੱਚ ਸ਼ਾਮਿਲ ਹੋਰ ਦੋਸ਼ੀਆਂ ਖਿਲਾਫ ਵੀ ਮਾਮਲਾ ਦਰਜ ਕਰਨ ਦੀ ਮੰਗ ਕੀਤੀ ਗਈ ਹੈ, ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਜਬਰ ਜੁਲਮ ਵਿਰੋਧੀ ਫਰੰਟ ਪੰਜਾਬ ਦੇ ਪ੍ਰਧਾਨ ਰਾਜ ਸਿੰਘ ਟੋਡਰਵਾਲ , ਪੰਜਾਬੀ ਸੱਭਿਆਚਾਰਕ ਸੱਥ ਦੇ ਸੂਬਾ ਸਰਪ੍ਰਸਤ ਇੰਜੀ: ਭਾਨ ਸਿੰਘ ਜੱਸੀ , ਮਨਰੇਗਾ ਮਜ਼ਦੂਰ ਫਰੰਟ ਦੇ ਆਗੂ ਸੇਰੂ ਰਾਮ ਕੁਰਹਾਲੀ, ਡਾ: ਬੀ ਆਰ ਅੰਬੇਡਕਰ ਯੂਥ ਕਲੱਬ ਪਟਿਆਲਾ ਦੇ ਆਗੂ ਸਤਿੰਦਰ ਸਿੰਘ , ਮਜ਼ਦੂਰ ਚੇਤਨਾ ਮੰਚ ਦੇ ਆਗੂ ਅਜੈਬ ਸਿੰਘ ਨੀਲੋਵਾਲ ਨੇ ਕਿਹਾ ਕਿ ਸੇਵਾ ਮੁਕਤ ਡੀ .ਐਸ .ਪੀ ਪਿਛਲੇ ਲੰਮੇ ਸਮੇਂ ਤੋਂ ਜਿੱਥੇ ਧਾਰਮਿਕ ਸਖਸ਼ੀਅਤ ਦੇ ਤੌਰ ਤੇ ਲੋਕਾਂ ਵਿੱਚ ਵਿਚਰ ਰਹੇ ਹਨ ਉਥੇ ਹੀ ਉਨਾਂ ਵੱਲੋਂ ਹੁਣ ਤੱਕ ਹਜ਼ਾਰਾਂ ਗਰੀਬ ਅਤੇ ਲੋੜਵੰਦ ਪਰਿਵਾਰਾਂ ਦੀਆਂ ਬੱਚੀਆਂ ਦੀ ਮਦਦ , ਸਕੂਲੀ ਬੱਚਿਆਂ ਨੂੰ ਪੜਾਈ ਅਤੇ ਲੋੜਵੰਦ ਪਰਿਵਾਰ ਦੀ ਸਹਾਇਤਾ ਕਰਨ ਦੇ ਨਾਲ ਨਾਲ ਆਪਣੇ ਪੁਲੀਸ ਮੁਲਾਜ਼ਮ ਭਾਈਚਾਰੇ ਦੇ ਹੱਕਾਂ ਤੇ ਹਕੂਕਾਂ ਲਈ ਆਵਾਜ਼ ਬੁਲੰਦ ਕਰਦੇ ਹੋਏ ਉਹਨਾਂ ਦੇ ਕੰਮਾਂ ਲਈ ਪਹਿਰਾ ਦਿੱਤਾ ਹੈ। ਅਪਰੋਕਤ ਆਗੂਆਂ ਨੇ ਕਿਹਾ ਕਿ ਅਜਿਹੇ ਨੇਕ ਇਨਸਾਨ ਤੇ ਝੂਠੇ ਇਲਜ਼ਾਮ ਲਗਾਉਣਾ ਸਰਾਸਰ ਧੱਕੇਸ਼ਾਹੀ ਹੈ, ਉਹਨਾਂ ਕਿਹਾ ਕਿ ਜੇਕਰ ਪੁਲਿਸ ਪ੍ਰਸ਼ਾਸਨ ਵੱਲੋਂ ਦਰਸ਼ਨ ਸਿੰਘ ਨੂੰ ਇਨਸਾਫ ਨਾ ਦਿੱਤਾ ਗਿਆ ਤਾਂ ਦਲਿਤ ਭਾਈਚਾਰੇ ਦੀਆਂ ਦਲਿਤ , ਸਮਾਜ ਸੇਵੀ ਅਤੇ ਜਮਹੂਰੀਅਤ ਪਸੰਦ ਜਥੇਬੰਦੀਆਂ ਇਕੱਠੀਆਂ ਹੋਕੇ ਪਟਿਆਲਾ ਵਿਖੇ ਧਾਰਨਾ ਦੇਣ ਤੋਂ ਵੀ ਗਰੇਜ ਨਹੀਂ ਕਰਨਗੀਆਂ।

## ਵਿਸਾਖੀ ਜੋੜ ਮੇਲੇ ਮੌਕੇ ਲੋੜੀਂਦੇ ਕਾਰਜ ਕਰਨ ਤੋਂ ਭੱਜ ਜਾਣਾ ਸਰਕਾਰ ਦੀ ਸ਼ਰਮਨਾਕ ਕਾਰਵਾਈ- ਸਾਬਕਾ ਵਿਧਾਇਕ ਸਿੱਧੂ

ਤਲਵੰਡੀ ਸਾਬੋ, 7 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)– ਖਾਲਸਾ ਸਾਜਨਾ ਦਿਵਸ 'ਵਿਸਾਖੀ' ਮੌਕੇ ਸਿੱਖ ਕੌਮ ਦੇ ਚੌਥੇ ਤਖਤ, ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਲੱਗਣ ਵਾਲੇ ਜੋੜ ਮੇਲੇ 'ਚ ਹਰ ਵਰ੍ਹੇ ਦੇਸ਼ ਵਿਦੇਸ਼ 'ਚੋਂ ਲੱਖਾਂ ਸੰਗਤਾਂ ਸ਼ਮੂਲੀਅਤ ਕਰਦੀਆਂ ਹਨ ਅਤੇ ਸਰਕਾਰ ਜੋੜ ਮੇਲੇ 'ਚ ਸ਼ਰਧਾਲੂਆਂ ਦੀ ਆਮਦ ਨੂੰ ਦੇਖਦਿਆਂ ਵੱਡੇ ਪੱਧਰ 'ਤੇ ਲੋੜੀਂਦੇ ਕਾਰਜ ਕਰਵਾਉਂਦੀ ਹੈ ਪਰ 'ਬਦਲਾਅ' ਦੇ ਨਾਅਰੇ ਨਾਲ ਸੱਤਾ 'ਚ ਆਈ ਆਮ ਆਦਮੀ ਪਾਰਟੀ ਸਰਕਾਰ ਇਸ ਵਾਰ ਜੋੜ ਮੇਲੇ ਮੌਕੇ ਤਲਵੰਡੀ ਸਾਬੋ 'ਚ ਕਰਵਾਏ ਜਾਣ ਵਾਲੇ ਲੋੜੀਂਦੇ ਕਾਰਜ ਕਰਨ ਤੋਂ ਹੀ ਭੱਜ ਗਈ ਜਾਪਦੀ ਹੈ ਜੋ ਸ਼ਰਮਨਾਕ ਹੈ।



ਉਕਤ ਵਿਚਾਰਾਂ ਦਾ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਨੇ ਇੱਥੋਂ ਜਾਰੀ ਪ੍ਰੈੱਸ ਬਿਆਨ ਰਾਹੀਂ ਕੀਤਾ। ਸਿੱਧੂ ਨੇ ਕਿਹਾ ਕਿ ਸਰਕਾਰ ਭਾਂਵੇ ਕਿਸੇ ਦੀ ਹੋਵੇ, ਹਰ ਸਾਲ੍ਹ ਵਿਸਾਖੀ ਜੋੜ ਮੇਲੇ ਤੋਂ ਕਾਫੀ ਪਹਿਲਾਂ ਹੀ ਸਰਕਾਰ ਦੀਆਂ ਹਦਾਇਤਾਂ 'ਤੇ ਪ੍ਰਸ਼ਾਸਨ ਨਗਰ ਦਾ ਰੰਗ ਰੂਪ ਬਿਲਕੁਲ ਬਦਲ ਕੇ ਦੇਸ਼ ਵਿਦੇਸ਼ 'ਚੋਂ ਪੁੱਜਣ ਵਾਲੇ ਲੱਖਾਂ ਸ਼ਰਧਾਲੂਆਂ ਲਈ ਲੋੜੀਂਦੇ ਪ੍ਰਬੰਧ ਕਰਨ ਚ ਲੱਗ ਜਾਂਦਾ ਹੈ ਪਰ ਇਸ ਵਾਰ ਲੱਗਦਾ ਹੈ ਕਿ ਵਿਸਾਖੀ ਜੋੜ ਮੇਲੇ ਨੂੰ ਲੈ ਕੇ ਸਰਕਾਰ ਅਤੇ ਪ੍ਰਸ਼ਾਸਨ ਗੰਭੀਰ ਹੀ ਨਹੀ ਜਿਸਦਾ ਸਭ ਤੋਂ ਵੱਡਾ ਸਬੂਤ ਹੈ ਕਿ ਜਦੋਂ ਜੋੜ ਮੇਲਾ ਆਰੰਭ ਹੋਣ ਹੀ ਵਾਲਾ ਹੈ ਤਾਂ ਅਜੇ ਤੱਕ ਨਗਰ ਤਲਵੰਡੀ ਸਾਬੋ ਦੀਆਂ ਸੜਕਾਂ ਦੀ ਮੁਰੰਮਤ ਤੱਕ ਨਹੀ ਕੀਤੀ ਗਈ। ਉਨਾਂ ਕਿਹਾ ਕਿ ਤਖਤ ਸਾਹਿਬ ਨੂੰ ਜਾਣ ਵਾਲੀਆਂ ਕਈ ਸੜਕਾਂ ਚ ਟੋਏ ਪਏ ਹੋਏ ਹਨ ਪਰ ਸਰਕਾਰ ਜਾਂ ਪ੍ਰਸ਼ਾਸਨ ਦਾ ਧਿਆਨ ਹੀ ਨਹੀ ਕਿ ਚਾਰ ਦਿਨਾ ਜੋੜ ਮੇਲੇ ਦੌਰਾਨ ਇੰਨਾਂ ਸੜਕਾਂ ਤੋਂ ਪੈਦਲ ਚੱਲਕੇ ਲੱਖਾਂ ਸੰਗਤਾਂ ਨੇ ਤਖਤ ਸਾਹਿਬ ਦੇ ਦਰਸ਼ਨ ਕਰਨ ਪੁੱਜਣਾ ਹੈ। ਉਨਾਂ ਮੰਗ ਕੀਤੀ ਕਿ ਪ੍ਰਸ਼ਾਸਨਿਕ ਅਧਿਕਾਰੀ ਦਫਤਰਾਂ ਚੋਂ ਨਿਕਲ ਕੇ ਸ਼ਰਧਾਲੂਆਂ ਲਈ ਲੋੜੀਂਦੀਆਂ ਸਹੂਲਤਾਂ ਪ੍ਰਦਾਨ ਕਰਨ ਵੱਲ ਗੰਭੀਰਤਾ ਨਾਲ ਧਿਆਨ ਦੇਣ ਤਾਂ ਕਿ ਜੋੜ ਮੇਲੇ ਦੌਰਾਨ ਕਿਸੇ ਸ਼ਰਧਾਲੂ ਨੂੰ ਕਿਸੇ ਕਿਸਮ ਦੀ ਵੀ ਮੁਸ਼ਿਕਲ ਪੇਸ਼ ਨਾ ਆਵੇ।

## ਲੁਧਿਆਣਾ ਦੇ ਏ.ਸੀ.ਪੀ ਸੰਦੀਪ ਸਿੰਘ ਦੀ ਸੜਕ ਹਾਦਸੇ ਦੌਰਾਨ ਹੋਈ ਦਰਦਨਾਕ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ

ਫਿਰੋਜ਼ਪੁਰ 7 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ)– ਲੁਧਿਆਣਾ ਦੇ ਏ.ਸੀ.ਪੀ ਸੰਦੀਪ ਸਿੰਘ ਦੀ ਸਮਰਾਲੇ ਵਿਖੇ ਇੱਕ ਸੜਕ ਹਾਦਸੇ ਦੌਰਾਨ ਹੋਈ ਦਰਦਨਾਕ ਮੌਤ ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਬਾਬਾ ਸਤਨਾਮ ਸਿੰਘ ਵੱਲੀਆਂ ਮੁੱਖ ਸੇਵਾਦਾਰ ਗੁ: ਪ੍ਰਉਪਕਾਰੀ ਭਾਈ ਲੱਧਾ ਜੀ ਅਤੇ ਪੰਜਾਬ ਪ੍ਰਧਾਨ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ ਨੇ ਕਿਹਾ ਕਿ ਸ੍ਰ: ਸੰਦੀਪ ਸਿੰਘ ਜੋ ਕਿ ਹੁਣ ਲੁਧਿਆਣਾ ਵਿਖੇ **A.C.P** ਸਨ ਬਹੁਤ ਹੀ ਮਿੱਠ ਬੋਲੜੇ, ਇਮਾਨਦਾਰ ਅਤੇ ਨੇਕ ਸੁਭਾਅ ਦੇ ਮਾਲਕ ਸਨ। ਬਾਬਾ ਸਤਨਾਮ ਸਿੰਘ ਵੱਲੀਆਂ ਨੇ ਦੱਸਿਆ ਕਿ ਸ੍ਰ: ਸੰਦੀਪ ਸਿੰਘ ਪਿਛਲੇ ਸਮੇਂ ਦੌਰਾਨ ਲੰਮਾਂ ਸਮਾਂ ਫਿਰੋਜ਼ਪੁਰ ਵਿਖੇ ਬਤੌਰ **D.S,P** ਦਿਹਾਤੀ ਵਜੋਂ ਬਹੁਤ ਇਮਾਨਦਾਰੀ ਅਤੇ ਤਨਦੇਹੀ ਨਾਲ ਡਿਊਟੀ ਨਿਭਾਈ। ਬਾਬਾ ਸਤਨਾਮ ਸਿੰਘ ਵੱਲੀਆਂ ਨੇ ਕਿਹਾ ਕਿ ਸ੍ਰ: ਸੰਦੀਪ ਸਿੰਘ ਪੁਲਿਸ ਅਫਸਰ ਦੀ ਬੇਵਕਤੀ ਮੌਤ ਨਾਲ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਕਿਹਾ ਕਿ ਸ੍ਰ ਸੰਦੀਪ ਸਿੰਘ ਜਿਥੇ ਉਹ ਇੱਕ ਇਮਾਨਦਾਰ ਪੁਲਿਸ ਅਫਸਰ ਸਨ ਉਥੇ ਉਹ ਇੱਕ ਗੁਰਸਿੱਖ ਅਤੇ ਧਾਰਮਿਕ ਖਿਆਲਾਂ ਦੇ ਮਾਲਕ ਸਨ। ਅਖੀਰ ਵਿੱਚ ਬਾਬਾ ਸਤਨਾਮ ਸਿੰਘ ਵੱਲੀਆਂ ਨੇ ਪ੍ਰੀਵਾਰ ਨਾਲ ਦੁੱਖ ਸਾਂਝਾ ਕਰਦਿਆਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਅਤੇ ਪ੍ਰੀਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।



### ਸਿੱਖ ਪੰਥ ਦੇ ਜਨਮ ਦਿਹਾੜੇ ਵਿਸਾਖੀ ਪੁਰਬ ਨੂੰ ਸਮਰਪਿਤ

# ਬੈਲਜੀਅਮ ਦੇ ਗੁਰਦੁਆਰਾ ਸੰਗਤ ਸਾਹਿਬ ਸਿੰਤਰੁਦਨ ਤੋਂ ਨਗਰ ਕੀਰਤਨ ਸਜਾਇਆ ਗਿਆ

**ਅੰਤ ਵਿਚ ਗੁਰਦਵਾਰਾ ਸਾਹਿਬ ਦੇ ਪ੍ਰਧਾਨ ਸਰਦਾਰ ਕਰਮ ਸਿੰਘ ਅਤੇ ਮੈਂਬਰਾਂ ਨੇ ਨਗਰ ਕੀਰਤਨ ਵਿਚ ਸ਼ਾਮਿਲ ਹੋਈਆਂ ਸੰਗਤਾਂ ਦਾ ਧੰਨਵਾਦ ਕਰਣ ਦੇ ਨਾਲ ਯੂਰੋਪੀਅਨ ਸਿੱਖ ਓਰਗੇਨਾਈਜੇਸ਼ਨ ਦੇ ਮੁੱਖੀ ਸਰਦਾਰ ਬਿੰਦਰ ਸਿੰਘ ਦਾ.....**







ਨਵੀਂ ਦਿੱਲੀ 7 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):–ਸਿੱਖ ਪੰਥ ਦੇ ਜਨਮ ਦਿਹਾੜੇ ਵਿਸਾਖੀ ਪੁਰਬ ਨੂੰ ਸਮਰਪਿਤ ਮਹਾਨ ਨਗਰ ਕੀਰਤਨ ਯੂਰੋਪ ਅੰਦਰ ਬੈਲਜੀਅਮ ਦੇ ਗੁਰਦੁਆਰਾ ਸੰਗਤ ਸਾਹਿਬ ਸਿੰਤਰੁਦਨ ਤੋਂ ਸਜਾਇਆ ਗਿਆ। ਹੈੱਡ ਗ੍ਰੰਥੀ ਸਾਹਿਬ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਨਗਰ ਕੀਰਤਨ ਗੁਰਦੁਆਰਾ ਸੰਗਤ ਸਾਹਿਬ ਸਿੰਤਰੁਦਨ ਤੋਂ ਸ਼ਹਿਰ ਦੀ ਪਰਿਕਰਮਾ ਲਈ ਰਵਾਨਾ ਹੋਇਆ। ਫੁੱਲਾਂ ਨਾਲ ਸਜੀ ਸੁੰਦਰ ਪਾਲਕੀ 'ਚ ਸੁਸ਼ੋਭਿਤ ਗੁਰੂ ਗ੍ਰੰਥ ਸਾਹਿਬ ਜੀ ਦੀ ਅਗਵਾਈ ਪੰਜ ਪਿਆਰਿਆਂ ਵੱਲੋਂ ਕੀਤੀ ਗਈ। ਸ਼ਬਦੀ ਜਥਿਆਂ ਵੱਲੋਂ ਨਗਰ ਕੀਰਤਨ ਦੀ ਸ਼ੋਭਾ ਵਧਾਈ ਗਈ। ਸੰਗਤਾਂ ਵੱਲੋਂ ਵੱਡੀ ਗਿਣਤੀ ਵਿਚ ਸ਼ਾਮਲ ਹੋ ਕੇ ਵੱਖ–ਵੱਖ ਪੜਾਵਾਂ 'ਤੇ ਨਗਰ ਕੀਰਤਨ ਦਾ ਜੈਕਾਰਿਆਂ ਦੀ ਗੂੰਜ ਨਾਲ ਸਵਾਗਤ ਕੀਤਾ ਗਿਆ ਉਪਰੰਤ ਨਗਰ ਕੀਰਤਨ ਸ਼ਹਿਰ ਦੇ ਵੱਖ–ਵੱਖ ਬਾਜ਼ਾਰਾਂ ਤੇ ਮੁਹੱਲਿਆਂ ਤੋਂ ਹੁੰਦਾ ਹੋਇਆ ਸ਼ਾਮ ਨੂੰ ਗੁਰਦੁਆਰਾ ਸਾਹਿਬ ਸੈਂਟਰਮ ਵਿਖੇ ਸਮਾਪਤ ਹੋਇਆ। ਨਗਰ ਕੀਰਤਨ ਵਿਚ ਪਹਿਲੀ ਵਾਰ ਸੰਗਤਾਂ ਉਪਰ ਹੈਲੀਕਾਪਟਰ ਰਾਹੀਂ ਫੁੱਲਾਂ ਦੀ ਵਰਖਾ ਕੀਤੀ ਗਈ ਜੋ ਕਿ ਹਾਜ਼ਰੀਨ ਸੰਗਤਾਂ ਲਈ ਬਹੁਤ ਹੀ ਮਨਮੋਹਕ ਯਾਦਗਾਰ ਬਣ ਗਿਆ ਸੀ । ਇਸ ਮੌਕੇ ਯੂਰੋਪੀਅਨ ਪਾਰਲੀਮੈਂਟ ਮੈਂਬਰ ਹਿਲਡੇ ਵੈਟਮਨਸ ਦੇ ਨਾਲ ਮੇਅਰ ਇੰਗਰਿੱਡ ਕੈਮਪੈਨੀਅਰ ਨੇ ਵੀ ਉਚੇਚੇ ਤੌਰ ਤੇ ਹਾਜ਼ਿਰੀ ਭਰੀ ਸੀ। ਪਾਰਲੀਮੈਂਟ ਮੈਂਬਰ ਹਿਲਡੇ ਵੈਟਮਨਸ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅਸੀ ਸਮੂਹ ਸਿੱਖ ਪੰਥ ਨੂੰ ਵਿਸਾਖੀ ਪੁਰਬ ਦੀ ਵਧਾਈ ਦੇਂਦੇ ਹਾਂ ਤੇ ਯੂਰੋਪ ਅੰਦਰ ਸਿੱਖਾਂ ਨੂੰ ਜੋ ਮੁਸ਼ਿਕਲਾਂ ਆ ਰਹੀਆਂ ਹਨ ਓਸ ਲਈ ਯੂਰੋਪੀਅਨ ਸਿੱਖ ਓਰਗੇਨਾਈਜੇਸ਼ਨ ਵਲੋਂ ਯੂਰੋਪ ਅੰਦਰ ਸਿੱਖ ਧਰਮ ਨੂੰ ਮਾਨਤਾ ਦਿਵਾਉਣ ਦੇ ਕੀਤੇ ਜਾ ਰਹੇ ਜਤਨ ਦਾ ਅਸੀ ਪੂਰਾ ਸਾਥ ਦੇਵਾਂਗੇ । ਉਨ੍ਹਾਂ ਕਿਹਾ ਕਿ ਇਸੇ ਮਸਲੇ ਤੇ ਅਤੇ ਯੂਰੋਪੀਅਨ ਪਾਰਲੀਮੈਂਟ ਅੰਦਰ ਮਨਾਏ ਜਾ ਰਹੇ ਵਿਸਾਖੀ ਪੁਰਬ ਤੇ ਜੱਥੇਦਾਰ ਅਕਾਲ ਤਖਤ ਸਾਹਿਬ ਉਚੇਚੇ ਤੌਰ ਤੇ ਹਿੱਸਾ ਲੈਣ ਲਈ ਆ ਰਹੇ ਹਨ ਅਸੀ ਉਨ੍ਹਾਂ ਨੂੰ ਜੀ ਆਇਆ ਆਖਦੇ ਹਾਂ । ਅੰਤ ਵਿਚ ਗੁਰਦਵਾਰਾ ਸਾਹਿਬ ਦੇ ਪ੍ਰਧਾਨ ਸਰਦਾਰ ਕਰਮ ਸਿੰਘ ਅਤੇ ਮੈਂਬਰਾਂ ਨੇ ਨਗਰ ਕੀਰਤਨ ਵਿਚ ਸ਼ਾਮਿਲ ਹੋਈਆਂ ਸੰਗਤਾਂ ਦਾ ਧੰਨਵਾਦ ਕਰਣ ਦੇ ਨਾਲ ਯੂਰੋਪੀਅਨ ਸਿੱਖ ਓਰਗੇਨਾਈਜੇਸ਼ਨ ਦੇ ਮੁੱਖੀ ਸਰਦਾਰ ਬਿੰਦਰ ਸਿੰਘ ਦਾ ਵੀ ਧੰਨਵਾਦ ਕੀਤਾ ਜਿਨ੍ਹਾਂ ਇਸ ਨਗਰ ਕੀਰਤਨ ਨੂੰ ਯਾਦਗਾਰ ਬਣਾਉਣ ਵਿਚ ਬਹੁਤ ਮਿਹਨਤ ਕੀਤੀ ਸੀ ।



### ਤਲਵੰਡੀ ਸਾਬੋ ਹਲਕੇ ਵਿੱਚ ਰਣਧੀਰ ਖੁੱਡੀਆਂ ਨੇ ਭਖਾਈ ਚੋਣ ਮੁਹਿਮ

# ਵੱਖ-ਵੱਖ ਪਿੰਡਾਂ 'ਚ ਕੀਤੀਆਂ ਨੁੱਕੜ ਮੀਟਿੰਗਾਂ, ਭਰਵਾਂ ਹੁੰਗਾਰਾ ਮਿਲਿਆ



ਤਲਵੰਡੀ ਸਾਬੋ, 7 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)– ਬਠਿੰਡਾ ਲੋਕ ਸਭਾ ਹਲਕੇ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਤੇ ਪੰਜਾਬ ਦੇ ਖੇਤੀਬਾੜੀ ਮੰਤਰੀ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਦੀ ਚੋਣ ਮੁਹਿੰਮ ਦੀ ਕਮਾਨ ਤਲਵੰਡੀ ਸਾਬੋ ਹਲਕੇ ਵਿੱਚ ਰਣਤੀਰ ਸਿੰਘ ਧੀਰਾ ਖੁੱਡੀਆਂ ਨੇ ਸੰਭਾਲ ਲਈ ਹੈ। ਉਨਾਂ ਤਲਵੰਡੀ ਸਾਬੋ ਵਿਧਾਨ ਸਭਾ ਹਲਕੇ ਦੀ ਕਰੀਬ ਇੱਕ ਦਰਜਨ ਪਿੰਡਾਂ ਅੰਦਰ ਨੁੱਕੜ ਮੀਟਿੰਗਾਂ ਕਰਕੇ ਚੋਣ ਮੁਹਿੰਮ ਨੂੰ ਭਖਾਇਆ ਗਿਆ ਹੈ। ਪਿੰਡ ਚੱਠੇਵਾਲਾ ਵਿੱਚ ਲੋਕਾਂ ਜੇ ਭਰਮੇ ਇਕੱਠ ਨੂੰ ਸੰਬੋਧਨ ਕਰਦਿਆਂ ਧੀਰਾਂ ਖੁੱਡੀਆਂ ਨੇ ਆਖਿਆ ਕਿ ਉਹ ਇੱਕ ਵਾਰ ਆਮ ਆਦਮੀ ਪਾਰਟੀ ਅਤੇ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਨੂੰ ਬਠਿੰਡਾ ਲੋਕ ਸਭਾ ਹਲਕੇ ਤੋਂ ਸੇਵਾ ਦਾ ਮੌਕਾ ਦੇਣ ਉਹ ਮੈਂਬਰ ਪਾਰਲੀਮੈਂਟ ਬਣ ਕੇ ਕਿਸੇ ਨੂੰ ਨਿਰਾਸ਼ ਨਹੀਂ ਹੋਣ ਦੇਣਗੇ। ਉਹਨਾਂ ਕਿਹਾ ਕਿ ਖੁੱਡੀਆਂ ਪਰਿਵਾਰ ਦਾ ਅਕਸ਼ ਹਮੇਸ਼ਾ ਹੀ ਸਾਫ ਸੁਥਰਾ ਰਿਹਾ ਹੈ। ਜਥੇਦਾਰ ਗੁਰਮੀਤ ਸਿੰਘ ਖੁਡੀਆਂ ਦੇ ਪਿਤਾ ਮਰਹੂਮ ਮੈਂਬਰ ਪਾਰਲੀਮੈਂਟ ਜਥੇਦਾਰ ਜਗਦੇਵ ਸਿੰਘ ਖੁੱਡੀਆਂ ਨੇ ਵੀ ਸਿਆਸਤ ਨੂੰ ਪੈਸੇ ਇਕੱਠੇ ਕਰਨ ਦਾ ਸਾਧਨ ਨਹੀਂ ਬਣਾਇਆ ਸਗੋਂ ਲੋਕਾਂ ਦੀ ਸੇਵਾ ਵਿੱਚ ਆਪਣੀ ਸ਼ਹਾਦਤ ਦਿੱਤੀ। ਹੁਣ ਜਥੇਦਾਰ ਗੁਰਮੀਤ ਖੁੱਡੀਆਂ ਅਤੇ ਸਾਰਾ ਪਰਿਵਾਰ ਸਮਾਜ ਸੇਵਾ ਲਈ ਹੀ ਸਿਆਸਤ ਕਰ ਰਿਹਾ ਹੈ। ਉਹਨਾਂ ਕਿਹਾ ਕਿ ਇਹ ਸਬਰ ਸੰਤੋਖ ਅਤੇ ਪਰਮਾਤਮਾ ਦਾ ਓਟ ਆਸਰਾ ਹੈ ਕਿ ਲੋਕਾਂ ਨੇ ਪੰਜ ਵਾਰ ਦੇ ਮੁੱਖ ਮੰਤਰੀ ਨੂੰ ਹਰਾ ਕੇ ਜਥੇਦਾਰ ਗੁਰਮੀਤ ਸਿੰਘ ਖੁਡੀਆਂ ਨੂੰ ਪਾਕਤ ਬਖਸ਼ੀ ਹੈ। ਧੀਰਾ ਖੁੱਡੀਆਂ ਨੇ ਕਿਹਾ ਕਿ ਹੁਣ ਬਠਿੰਡਾ ਲੋਕ ਸਭਾ ਹਲਕੇ ਦੇ ਵਿਰੋਧੀ ਪਾਰਟੀਆਂ ਨੂੰ ਪਛਾੜਦਿਆਂ ਜਥੇਦਾਰ ਖੁੱਡੀਆਂ ਦੇ ਹੱਕ ਵਿੱਚ ਫਤਵਾ ਦੇਣਗੇ। ਉਹਨਾਂ ਕਿਹਾ ਕਿ ਖੁੱਡੀਆਂ ਪਰਿਵਾਰ ਹਮੇਸ਼ਾ ਪਹਿਲਾ ਵਾਂਗ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਰਹੇਗਾ। ਉਹਨਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਅਣਦੇਖੀ ਕਾਰਨ ਤਲਵੰਡੀ ਸਾਬੋ ਵਿਕਾਸ ਪੱਖੋਂ ਕਾਫੀ ਪਛੜ ਗਿਆ ਹੈ। ਇੱਥੇ ਸਿੱਖਾਂ ਦਾ ਤਖਤ ਸ੍ਰੀ ਦਮਦਮਾ ਸਾਹਿਬ ਹੋਣ ਕਾਰਨ ਇਹ ਸ਼ਹਿਰ ਦੁਨੀਆਂ ਦੇ ਨਕਸ਼ੇ 'ਤੇ ਉਭਰਿਆ ਹੈ ਪਰ ਜਿੰਨਾ ਵਿਕਾਸ ਤਲਵੰਡੀ ਸਾਬੂ ਦਾ ਹੋਣਾ ਚਾਹੀਦਾ ਸੀ ਉਹ ਨਹੀਂ ਹੋ ਸਕਿਆ। ਉਹਨਾਂ ਕਿਹਾ ਕਿ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਹਲਕੇ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਸਿੰਘ ਬਲਾਕ ਪ੍ਰਧਾਨ ਚੱਠੇਵਾਲਾ, ਗੁਰਦੀਪ ਸਿੰਘ ਤੂਰ, ਗੁਰਜੰਟ ਸਿੰਘ ਪਿੰਡ ਪ੍ਰਧਾਨ ਚੱਠੇਵਾਲਾ, ਛਿੰਦਰਪਾਲ ਸਿੰਘ ਕਮੇਟੀ ਮੈਂਬਰ ਅਤੇ ਭੂਰਾ ਸਿੰਘ ਗੁਰੂਸਰ ਸਮੇਤ ਵੱਡੀ ਗਿਣਤੀ ਲੋਕ ਹਾਜ਼ਰ ਸਨ।

# ਸੰਮਤ ਪ੫੬ ਨਾਨਕਸ਼ਾਹੀ ਕੈਲੰਡਰ



ਸ੍ਰੀ ਅਕਾਲ ਤਖ਼ਤ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ | ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ | ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਅਨੰਦਪੁਰ ਸਾਹਿਬ | ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ (ਬਠਿੰਡਾ) | ਤਖ਼ਤ ਸ੍ਰੀ ਹਜ਼ੂਰ ਸਾਹਿਬ ਅਬਿਚਲ ਨਗਰ (ਨੰਦੇੜ)




## ਚੇਤ (ਮਾਰਚ-24 – ਅਪ੍ਰੈਲ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

## ਵੈਸਾਖ (ਅਪ੍ਰੈਲ-24 – ਮਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

## ਜੇਠ (ਮਈ-24 – ਜੂਨ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

## ਹਾੜ (ਜੂਨ-24 – ਜੁਲਾਈ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

## ਸਾਵਣ (ਜੁਲਾਈ-24 – ਅਗਸਤ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

## ਭਾਦੋਂ (ਅਗਸਤ-24 – ਸਤੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

## ਅੱਸੂ (ਸਤੰਬਰ-24 – ਅਕਤੂਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

## ਕੱਤਕ (ਅਕਤੂਬਰ-24 – ਨਵੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

## ਮੱਘਰ (ਨਵੰਬਰ-24 – ਦਸੰਬਰ-24)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

## ਪੋਹ (ਦਸੰਬਰ-24 – ਜਨਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

## ਮਾਘ (ਜਨਵਰੀ-25 – ਫਰਵਰੀ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

## ਫੱਗਣ (ਫਰਵਰੀ-25 – ਮਾਰਚ-25)

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

[illegible]

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

**ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ**

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।

ਗੁਰੂ ਨਾਨਕ ਗੁਰਦੁਆਰਾ ਸਮੈਦਿਕ

GURU NANAK GURDWARA SMETHWICK

ਆਵਾਜ਼ਿ ਕੌਮ AWAZE QAUM International Newspaper & WEB TV



# ਕੈਲੰਡਰ ਨਾਨਕਸ਼ਾਹੀ ਸੰਮਤ 556 (2024-2025)

## ਜੂਨ 1984 ਦੇ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਉੱਪਰ ਹੋਏ ਭਾਰਤੀ ਫ਼ੌਜੀ ਹਮਲੇ ਦੇ 40 ਸਾਲਾ ਨੂੰ ਸਮਰਪਿਤ

## ਖਾਲਿਸਤਾਨ ਜ਼ਿੰਦਾਬਾਦ

ਸੰਗਰਾਂਦ | ਪੂਰਨਮਾਸੀ | ਮੱਸਿਆ

**ਸਰਕਾਰੀ ਛੁੱਟੀਆਂ**
29 ਮਾਰਚ – ਗੁਡ ਫਰਾਈਡੇ
01 ਅਪ੍ਰੈਲ – ਈਸਟਰ ਮੰਡੇ
06 ਮਈ – ਅਰਲੀ ਬੈਂਕ ਹੋਲੀਡੇ
27 ਮਈ – ਸਪਰਿੰਗ ਬੈਂਕ ਹੋਲੀਡੇ
26 ਅਗਸਤ – ਬੈਂਕ ਹੋਲੀਡੇ
25 ਦਸੰਬਰ – ਕ੍ਰਿਸਮਸ ਹੋਲੀਡੇ
26 ਦਸੰਬਰ – ਬੌਕਸਿੰਗ ਹੋਲੀਡੇ
01 ਜਨਵਰੀ – ਨਵਾਂ ਸਾਲ

### ਫੱਗਣ – ਮਾਰਚ MARCH – ਚੇਤ

| | | | | | |
|---|---|---|---|---|---|
| Sun | 31 | 3 | 10 | 17 | 24 |
| Mon | ☬ | 4 | 11 | 18 | 25 |
| Tue | ☬ | 5 | 12 | 19 | 26 |
| Wed | ☬ | 6 | 13 | 20 | 27 |
| Thu | ☬ | 7 | 14 | 21 | 28 |
| Fri | 1 | 8 | 15 | 22 | 29 |
| Sat | 2 | 9 | 16 | 23 | 30 |

### ਚੇਤ – ਅਪ੍ਰੈਲ APRIL – ਵੈਸਾਖ

| | | | | | |
|---|---|---|---|---|---|
| Sun | ☬ | 7 | 14 | 21 | 28 |
| Mon | 1 | 8 | 15 | 22 | 29 |
| Tue | 2 | 9 | 16 | 23 | 30 |
| Wed | 3 | 10 | 17 | 24 | ☬ |
| Thu | 4 | 11 | 18 | 25 | ☬ |
| Fri | 5 | 12 | 19 | 26 | ☬ |
| Sat | 6 | 13 | 20 | 27 | ☬ |

### ਵੈਸਾਖ – ਮਈ MAY – ਜੇਠ

| | | | | | |
|---|---|---|---|---|---|
| Sun | ☬ | 5 | 12 | 19 | 26 |
| Mon | ☬ | 6 | 13 | 20 | 27 |
| Tue | ☬ | 7 | 14 | 21 | 28 |
| Wed | 1 | 8 | 15 | 22 | 29 |
| Thu | 2 | 9 | 16 | 23 | 30 |
| Fri | 3 | 10 | 17 | 24 | 31 |
| Sat | 4 | 11 | 18 | 25 | ☬ |

### ਜੇਠ – ਜੂਨ JUNE – ਹਾੜ

| | | | | | |
|---|---|---|---|---|---|
| Sun | 30 | 2 | 9 | 16 | 23 |
| Mon | ☬ | 3 | 10 | 17 | 24 |
| Tue | ☬ | 4 | 11 | 18 | 25 |
| Wed | ☬ | 5 | 12 | 19 | 26 |
| Thu | ☬ | 6 | 13 | 20 | 27 |
| Fri | ☬ | 7 | 14 | 21 | 28 |
| Sat | 1 | 8 | 15 | 22 | 29 |

### ਹਾੜ – ਜੁਲਾਈ JULY – ਸਾਵਣ

| | | | | | |
|---|---|---|---|---|---|
| Sun | ☬ | 7 | 14 | 21 | 28 |
| Mon | 1 | 8 | 15 | 22 | 29 |
| Tue | 2 | 9 | 16 | 23 | 30 |
| Wed | 3 | 10 | 17 | 24 | 31 |
| Thu | 4 | 11 | 18 | 25 | ☬ |
| Fri | 5 | 12 | 19 | 26 | ☬ |
| Sat | 6 | 13 | 20 | 27 | ☬ |

### ਸਾਵਣ – ਅਗਸਤ AUGUST – ਭਾਦੋਂ

| | | | | | |
|---|---|---|---|---|---|
| Sun | ☬ | 4 | 11 | 18 | 25 |
| Mon | ☬ | 5 | 12 | 19 | 26 |
| Tue | ☬ | 6 | 13 | 20 | 27 |
| Wed | ☬ | 7 | 14 | 21 | 28 |
| Thu | 1 | 8 | 15 | 22 | 29 |
| Fri | 2 | 9 | 16 | 23 | 30 |
| Sat | 3 | 10 | 17 | 24 | 31 |

### ਭਾਦੋਂ – ਸਤੰਬਰ SEPTEMBER – ਅੱਸੂ

| | | | | | |
|---|---|---|---|---|---|
| Sun | 1 | 8 | 15 | 22 | 29 |
| Mon | 2 | 9 | 16 | 23 | 30 |
| Tue | 3 | 10 | 17 | 24 | ☬ |
| Wed | 4 | 11 | 18 | 25 | ☬ |
| Thu | 5 | 12 | 19 | 26 | ☬ |
| Fri | 6 | 13 | 20 | 27 | ☬ |
| Sat | 7 | 14 | 21 | 28 | ☬ |

### ਅੱਸੂ – ਅਕਤੂਬਰ OCTOBER – ਕੱਤਕ

| | | | | | |
|---|---|---|---|---|---|
| Sun | ☬ | 6 | 13 | 20 | 27 |
| Mon | ☬ | 7 | 14 | 21 | 28 |
| Tue | 1 | 8 | 15 | 22 | 29 |
| Wed | 2 | 9 | 16 | 23 | 30 |
| Thu | 3 | 10 | 17 | 24 | 31 |
| Fri | 4 | 11 | 18 | 25 | ☬ |
| Sat | 5 | 12 | 19 | 26 | ☬ |

### ਕੱਤਕ – ਨਵੰਬਰ NOVEMBER – ਮੱਘਰ

| | | | | | |
|---|---|---|---|---|---|
| Sun | ☬ | 3 | 10 | 17 | 24 |
| Mon | ☬ | 4 | 11 | 18 | 25 |
| Tue | ☬ | 5 | 12 | 19 | 26 |
| Wed | ☬ | 6 | 13 | 20 | 27 |
| Thu | ☬ | 7 | 14 | 21 | 28 |
| Fri | 1 | 8 | 15 | 22 | 29 |
| Sat | 2 | 9 | 16 | 23 | 30 |

### ਮੱਘਰ – ਦਸੰਬਰ DECEMBER – ਪੋਹ

| | | | | | |
|---|---|---|---|---|---|
| Sun | 1 | 8 | 15 | 22 | 29 |
| Mon | 2 | 9 | 16 | 23 | 30 |
| Tue | 3 | 10 | 17 | 24 | 31 |
| Wed | 4 | 11 | 18 | 25 | ☬ |
| Thu | 5 | 12 | 19 | 26 | ☬ |
| Fri | 6 | 13 | 20 | 27 | ☬ |
| Sat | 7 | 14 | 21 | 28 | ☬ |

### ਪੋਹ – ਜਨਵਰੀ JANUARY 2025 – ਮਾਘ

| | | | | | |
|---|---|---|---|---|---|
| Sun | ☬ | 5 | 12 | 19 | 26 |
| Mon | ☬ | 6 | 13 | 20 | 27 |
| Tue | ☬ | 7 | 14 | 21 | 28 |
| Wed | 1 | 8 | 15 | 22 | 29 |
| Thu | 2 | 9 | 16 | 23 | 30 |
| Fri | 3 | 10 | 17 | 24 | 31 |
| Sat | 4 | 11 | 18 | 25 | ☬ |

### ਮਾਘ – ਫ਼ਰਵਰੀ FEBRUARY 2025 – ਫੱਗਣ

| | | | | | |
|---|---|---|---|---|---|
| Sun | ☬ | 2 | 9 | 16 | 23 |
| Mon | ☬ | 3 | 10 | 17 | 24 |
| Tue | ☬ | 4 | 11 | 18 | 25 |
| Wed | ☬ | 5 | 12 | 19 | 26 |
| Thu | ☬ | 6 | 13 | 20 | 27 |
| Fri | ☬ | 7 | 14 | 21 | 28 |
| Sat | 1 | 8 | 15 | 22 | ☬ |

## ਸਿੱਖ ਕੌਮ ਦੇ ਅਹਿਮ-ਦਿਹਾੜੇ

[illegible]

130 High Street, Smethwick, West Midlands B66 3AP | T: 0121 558 2527 | E: info@gngsmethwick.com | W: www.gngsmethwick.com
/GNGSmethwick

Please Note: The astronomical and calendrical information in this calendar is reproduced from data correct at the time of publishing. Whilst considerable care has been taken in compiling the information in this calendar the publishers cannot accept responsibility for any errors or changes which may occur.
© Designed & Printed by Dr. Print (UK) Ltd.

# ਇੱਕ ਨਜ਼ਰ





## ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਲੰਗਰ ਹਾਲ ਦਾ ਪਾਇਆ ਲੈਂਟਰ, ਸੰਗਤਾਂ ਨੇ ਦਿੱਤਾ ਅਹਿਮ ਸਹਿਯੋਗ

ਫ਼ਿਰੋਜ਼ਪੁਰ, 7 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਲੰਗਰ ਹਾਲ ਦਾ ਲੈਂਟਰ ਪਾਇਆ ਗਿਆ। ਇਸ ਮੌਕੇ ਤੇ ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਸਭ ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅੱਗੇ ਬੇਨਤੀ ਕੀਤੀ, ਉਪਰੰਤ ਲੈਂਟਰ ਹਾਲ ਪਾਉਣ ਦੀ ਸ਼ੁਰੂਆਤ ਕੀਤੀ। ਇਸ ਮੌਕੇ ਤੇ ਬਾਬਾ ਜੀ ਨੇ ਸਮੂਹ ਦੂਰ—ਦੁਰਾਡੇ ਤੋਂ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ, ਜਿਨ੍ਹਾਂ ਨੇ ਤਨ, ਮਨ, ਧਨ ਨਾਲ ਸੇਵਾ ਕੀਤੀ ਅਤੇ ਲਗਾਤਾਰ ਕਰ ਰਹੇ ਹਨ, ਉਨ੍ਹਾਂ ਖਾਸ ਕਰਕੇ ਬੀਬੀਆਂ, ਲਾਗਰੀ ਸਿੰਘਾਂ ਦਾ ਧੰਨਵਾਦ ਕੀਤਾ ਕਿ ਜਿਨ੍ਹਾਂ ਨੇ ਰਾਤ—ਦਿਨ ਲੰਗਰ ਦੀ ਸੇਵਾ ਕੀਤੀ। ਬਾਬਾ ਜੀ ਨੇ ਅੱਗੇ ਕਿਹਾ ਕਿ ਸੰਗਤਾਂ ਦੀ ਸੇਵਾ ਸਭ ਤੋਂ ਉਤਮ ਸੇਵਾ ਹੈ, ਕੋਈ ਵੀ ਵੱਡੇ ਤੋਂ ਵੱਡਾ, ਔਖੇ ਤੋਂ ਔਖਾ ਕੰਮ ਸੰਗਤਾਂ ਕੁਝ ਹੀ ਘੰਟਿਆਂ ਵਿਚ ਪੂਰਾ ਕਰ ਦਿੰਦੀਆਂ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਗੁਰੂ ਸਾਹਿਬ ਜੀ ਦੇ ਦਸੇ ਮੁਤਾਬਿਕ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਨਾਲ ਜੁੜੋ ਅਤੇ ਚੁਰਾਸੀ ਦੇ ਬੰਧਨ ਤੋਂ ਦੂਰ ਹੋਈਏ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਆਪਣੇ ਵੱਡ—ਵਡੇਰਿਆਂ ਦਾ ਆਦਰ, ਮਾਨ, ਸਤਿਕਾਰ ਕਰਨਾ ਚਾਹੀਦਾ ਹੈ ਅਤੇ ਆਪਣੀ ਮਾਈ—ਬਾਪ ਦੀ ਸੇਵਾ ਕਰਨੀ ਚਾਹੀਦੀ ਹੈ। ਬਾਬਾ ਜੀ ਨੇ ਕਿਹਾ ਕਿ ਬੜੇ ਦੁੱਖ ਦੀ ਗੱਲ ਹੈ ਕਿ ਅੱਜ ਸਾਡੇ ਬਜੁਰਗ ਬਿਰਧ ਆਸ਼ਰਮ ਵਿਚ ਰੁਲ ਰਹੇ ਹਨ, ਕੋਈ ਸੰਭਾਲਣ ਵਾਲਾ ਨਹੀਂ, ਕਿਉਂਕਿ ਉਨ੍ਹਾਂ ਨੂੰ ਆਪਣੇ ਹੀ ਘਰ ਵਿਚ ਰੋਟੀ ਨਹੀਂ ਮਿਲਦੀ ਅਤੇ ਕੁਝ ਨੌਜਵਾਨ ਵੇਖੋ—ਵੇਖੀ ਵਿਦੇਸ਼ ਜਾ ਕੇ ਉਥੇ ਹੀ ਸੈਂਟਲ ਹੋ ਰਹੇ ਹਨ ਅਤੇ ਘਰ ਵਿਚ ਆਪਣੇ ਮਾਂ—ਬਾਪ ਨੂੰ ਕੋਈ ਪੁਛ ਨਹੀਂ ਰਿਹਾ। ਇਸ ਮੌਕੇ ਤੇ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛੱਪੜੀ ਸਾਹਿਬ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਭਾਰੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਪਰਿਵਾਰ ਭਲਾਈ ਪ੍ਰੋਗਰਾਮ ਦੀ ਤਰ੍ਹਾਂ ਪਾਲਤੂ ਪਸ਼ੂ ਜ਼ੋ ਇਕ ਘਰੇਲੂ ਮਸਲਾ ਸੀ ਅੱਜ ਅਵਾਰਾ ਪਸ਼ੂ ਬਣ ਨੈਸ਼ਨਲ ਮਸਲਾ ਬਣ ਕੇ ਰਹਿ ਗਿਆ: ਪੀ.ਸੀ ਕੁਮਾਰ

ਫ਼ਿਰੋਜ਼ਪੁਰ, 7 ਅਪ੍ਰੈਲ (ਮਨੋਹਰ ਲਾਲ) :—ਪਰਿਵਾਰ ਭਲਾਈ ਪ੍ਰੋਗਰਾਮ ਦੀ ਤਰ੍ਹਾਂ ਪਾਲਤੂ ਪਸ਼ੂ ਜ਼ੋ ਇਕ ਘਰੇਲੂ ਮਸਲਾ ਸੀ ਅੱਜ ਅਵਾਰਾ ਪਸ਼ੂ ਬਣ ਨੈਸ਼ਨਲ ਮਸਲਾ ਬਣ ਕੇ ਰਹਿ ਗਿਆ। ਇਹ ਵਿਚਾਰ ਸ੍ਰੀ ਪੀ.ਸੀ ਕੁਮਾਰ ਉੱਘੇ ਸਮਾਜ ਸੇਵਕ ਸੀਨੀਅਰ ਸਿਟੀਜਨ ਸੇਵਾ ਮੁਕਤ ਮਾਸ ਮੀਡੀਆ ਅਫਸਰ ਸਿਹਤ ਵਿਭਾਗ ਸਮਾਜ ਸੁਧਾਰਕ ਦੁਆਰਾ ਵੱਖ—ਵੱਖ ਇਕੱਠਾਂ, ਸਰਕਾਰੀ, ਅਰਧ ਸਰਕਾਰੀ, ਪ੍ਰਾਈਵੇਟ ਸਕੂਲਾਂ, ਕਾਲਜਾਂ, ਸਮਾਜਿਕ, ਧਾਰਮਿਕ ਇਕੱਠਾਂ ਤੋਂ ਇਲਾਵਾ ਸਰਕਾਰ ਦੀਆਂ ਬਣਾਈਆਂ ਜਨਤਾ ਹਿੱਤ ਲਈ ਸੁਧਾਰ ਕਮੇਟੀਆਂ ਜ਼ੋ ਨਾ ਕੇਵਲ ਮਨੁੱਖਤਾ ਨਾਲ ਸਬੰਧਤ, ਬਲਕਿ ਸਮੁੱਚੀ ਧਰਤੀ ਅਕਾਸ਼ ਪਤਾਲ ਵਿਚ ਪਲ ਰਹੇ ਜੀਵ ਜੰਤੂਆਂ, ਪੰਛੀਆਂ, ਜਾਨਵਰਾਂ ਇਥੋਂ ਤੱਕ ਕਿ ਜੰਗਲੀ ਜਾਨਵਰਾਂ ਲਈ ਮਨੁੱਖਤਾ ਨੂੰ ਉਨ੍ਹਾਂ ਦੀ ਸਾਂਭ—ਸੰਭਾਲ ਦੀ ਸੇਵਾ, ਪ੍ਰਭੂ ਨੇ ਚਰਾਸੀ ਲੱਖ ਜੂਨਾਂ ਵਿਚੋਂ ਉਤਮ ਜੂਨ ਦਾ ਮਾਨ ਪ੍ਰਾਪਤ ਹੈ, ਜਿਨ੍ਹਾਂ ਵਿਚੋਂ ਉਹ ਜੀਵ ਜਿਹੜੇ ਸਾਡੇ ਕਾਰ ਵਿਵਹਾਰ, ਬਿਮਾਰੀਆਂ ਤੋਂ ਬਚਾਉਣ ਨਾਲ ਹੀ ਬਿਮਾਰੀਆਂ ਫੈਲਾਉਣ ਜਾਨੀ ਮਾਲੀ ਨੁਕਸਾਨ ਕਰਨ ਕਈ ਅਹਾਰ ਜਿੰਦਾ ਰਹਿਣ ਦੁੱਧ ਵਰਗੀਆਂ ਅਨਮੋਲ ਰਤਲਾ ਵਿਚ ਅਨਮੋਲ ਰਤਨ



ਸਾਡੇ ਜਨਮ ਤੋਂ ਪਹਿਲਾਂ ਤੇ ਅੰਤ ਸਮੇਂ ਮਰਨ ਮਗਰੋਂ ਵੀ ਸਾਡੇ ਰੋਜ਼ ਮਰਾ ਗੀਤੀ ਰਿਵਾਜ਼ਾ ਦੁੱਧ ਹੀ ਨਹੀਂ ਉਨ੍ਹਾਂ ਦਾ ਗੋਬਰ, ਪੈਸ਼ਾਬ ਤੱਕ ਵੀ ਅਨਮੋਲ ਦਵਾਈ ਦੇ ਤੌਰ ਤੇ ਵਰਤਿਆ ਜਾਂਦਾ ਹੈ, ਕਈ ਜਾਨਵਰਾਂ ਦੇ ਅੰਗ ਵੀ ਮਨੁੱਖਤਾ ਦੇ ਜੀਵਨ ਵਿਚ ਬਿਮਾਰੀਆਂ ਆਉਣ ਜਾਂ ਅੰਗ ਖਰਾਬ ਹੋਣ ਜਾਨ ਨਾਲ ਵਰਤੋਂ ਵਿਚ ਡਾਕਟਰ ਲਿਆ ਜੀਵਨ ਪ੍ਰਦਾਨ ਕਰਦੇ ਹਨ, ਇਨ੍ਹਾਂ ਕੁਝ ਮਾਨਵਤਾ ਤੇ ਇਨ੍ਹਾਂ ਜਾਨਵਰਾਂ ਵਿਚ ਸਾਂਝ ਹੋਣ ਦੇ ਬਾਵਜੂਦ ਅੱਜ ਇਨ੍ਹਾਂ ਜੀਵਨ ਪ੍ਰਦਾਨ ਕਰਨ ਵਾਲੇ ਪਸ਼ੂ ਪੂਜਣਯੋਗ ਦੇਵੀ ਦੇਵਤਿਆਂ ਦੇ ਵਾਹਨ ਉਨ੍ਹਾਂ ਦੀ ਪੂਜਾ ਕਰਨ ਦੀ ਥਾਂ ਅਵਾਰਾ ਬਣ ਉਨ੍ਹਾਂ ਦੀ ਦਿੱਤੀਆਂ ਦਾਤਾ ਦਾ ਕਰਜਾ ਚੁਕਾਨ ਦੀ ਥਾਂ ਉਨ੍ਹਾਂ ਨੂੰ ਵੱਡ ਕੱਟ ਫਟੜ ਜਮ ਅਸਮਾਨ ਅਕਾਸ਼ ਵਿਚ ਸਮੁੰਦਰਾ ਵਿਚ ਉਡਾਰੀਆਂ ਡੁਬਕੀਆਂ ਲਾਉਣ ਵਾਲਿਆਂ ਨੂੰ ਭੁੱਖੇ ਨੰਗੇ ਠੰਢ ਗਰਮੀ ਵਿਚ ਖਾਣ ਪੀਣ, ਰਹਿਣ, ਸਹਿਣ ਲਈ ਉਨ੍ਹਾਂ ਨੂੰ ਕੋਈ ਸ਼ੈਲਟਰ ਦੇਣ ਦੀ ਵੀ ਜਗ੍ਹਾ ਨਹੀਂ ਹਾਲਾ ਕਿਸੇ ਤੇ ਬਜ਼ੁਰਗਾਂ ਵੱਲੋਂ ਸੈਂਕੜੇ ਏਕੜ ਦਾਨ ਦੇ ਆਉਣ ਵਾਲੀ ਪੀੜੀ ਨੂੰ ਸੰਭਾਲਣ ਦੀ ਪਰ ਅਸੀਂ ਅੱਜ ਹੋਰ ਤਾਂ ਕੀ ਉਹ ਵੀ ਉਨ੍ਹਾਂ ਦੇ ਹਿੱਸੇ ਵੀ ਆਪ ਖਾਲੀ ਕਰ ਉਨ੍ਹਾਂ ਨੂੰ ਅਵਾਰਾ ਬਣਾ ਪਾਪਾ ਦੇ ਭਾਗੀਦਾਰ ਕਹਿ ਕੇ ਬਦਸੀਸਾਂ ਲੈ ਕੇ ਨਰਕੀ ਜੀਵ ਆਓ ਇਨ੍ਹਾਂ ਦੇ ਹਿੱਸੇ ਦੇ ਪਾਲਤੂ ਬਣਈਏ, ਸਾਂਭ—ਸੰਭਾਲ। ਅੱਜ ਇਹ ਸੰਸਥਾ ਸਦਾਵਰਤ ਪੰਚਾਇਤੀ ਜ਼ੋ 1914 ਤੋਂ ਮਾਨਖਤਾ ਦੀ ਸੇਵਾ ਜ਼ੋ ਲੋੜਵੰਦ ਪਰਿਵਾਰਾਂ ਦੀ ਮਾਲੀ ਸਹਾਇਤਾ ਕਰ ਇਕ ਪਹਿਚਾਨ ਬਣਾਈ ਹੈ, ਹੁਣ ਜੀਵ ਜੰਤੂਆਂ, ਕੀੜੀਆਂ, ਮਕੌੜਿਆਂ, ਅਵਾਰਾ ਕੁੱਤਿਆਂ ਤੇ ਪਾਲਤੂ ਪਸ਼ੂ ਜ਼ੋ ਅੱਜ ਅਵਾਰਾ ਬਣ ਦਰ—ਦਰ ਧੱਕੇ ਖਾ ਰਹੇ ਹਨ, ਗੰਦਗੀ ਵਿਚ ਮੂੰਹ ਮਾਰ ਰਹੇ ਹਨ, ਉਨ੍ਹਾਂ ਦੀ ਸਾਂਭ—ਸਭਾਲ ਲਈ ਅੱਗੇ ਆਈ ਹੈ, ਜ਼ੋ ਜਮੀਨਾਂ ਜਾਇਦਾਤਾਂ ਦਾਨ ਦੀਆਂ ਸੁਸਾਇਟੀ ਦੇ ਦੁਸ਼ਮਣ ਬਣ ਆਪਣੀ ਜਾਤੀ ਹਿੱਤਾਂ ਨੂੰ ਮੁੱਖ ਮੁਫਤ ਵਿਚ ਹੜਪੀ ਜਾਂ ਕਬਜਫ ਕੀਤੀ ਬੈਠੇ ਹਨ, ਸਰਕਾਰਾਂ ਇਨ੍ਹਾਂ ਤੋਂ ਖਾਲੀ ਕਰਵਾਉਣ ਜਾਂ ਪੂਰਾ ਮੁਆਵਜਾ ਦਿਵਾਉਣ ਵਿਚ ਮੱਦਦ ਕਰ ਤਾਂ ਇਹ ਸੰਸਥਾਵਾਂ ਇਨ੍ਹਾਂ ਜੀਵ ਜੰਤੂਆਂ, ਅਵਾਰਾ ਕੁੱਤਿਆਂ, ਪਸ਼ੂਆਂ ਦੀ ਸਾਂਭ—ਸੰਭਾਲ ਕਰਨ ਵਿਚ ਇਕ ਅਹਿਮ ਰੋਲ ਅਦਾ ਕਰ ਇਸ ਅਵਾਰਾਪਨ ਨੂੰ ਖਤਮ ਕਰ ਪਾਲਤੂ ਪਸ਼ੂਆਂ ਦੀ ਸਾਂਭ—ਸੰਭਾਲ ਕਰ ਇਕ ਪੁੰਨ, ਭਲੇ, ਲੋਕ ਹਿੱਤ ਦਾ ਕੰਮ ਕਰਨ ਲਈ ਤਿਆਰ ਹੈ।

### ਅਕਾਲੀ ਦਲ ਅੰਮ੍ਰਿਤਸਰ ਵੱਲੋਂ ਚੋਣ ਸਰਗਰਮੀਆਂ ਦੌਰਾਨ ਵੀ ਧਰਨੇ 'ਚ ਸ਼ਮੂਲੀਅਤ ਜਾਰੀ

## ਡਿਬਰੂਗੜ ਜੇਲ 'ਚ ਨਜ਼ਰਬੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਕੱਲ ਕੱਢੇ ਜਾਣ ਵਾਲੇ ਮਾਰਚ ਦੇ ਸਬੰਧ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਜੀ ਗ੍ਰਿਫਤਾਰ

**ਮਾਤਾ ਬਲਵਿੰਦਰ ਕੌਰ ਦਾ ਪਤਾ ਲੈਣ ਜਾ ਰਹੇ ਉਪਕਾਰ ਸਿੰਘ ਸੰਧੂ ਅਤੇ ਹਰਪਾਲ ਸਿੰਘ ਬਲੇਰ ਨੂੰ ਵੀ ਲਿਆ ਹਿਰਾਸਤ 'ਚ • ਕਿਹਾ ਕਿ ਸਰਕਾਰ ਨੂੰ ਸਿੱਖ ਅਤੇ ਸਿੱਖਾਂ ਦੀਆਂ ਹੱਕਾਂ ਅਧਿਕਾਰਾਂ ਦੀਆਂ ਜਾਇਜ਼ ਮੰਗਾ ਵੀ ਗਵਾਰਾ ਨਹੀ ਹਨ.....**





**ਆਵਾਜ਼ਿ ਕੌਮ ਦੀ ਵਿਸ਼ੇਸ਼ ਰਿਪੋਰਟ**

ਅੱਜ ਵਾਰਿਸ ਪੰਜਾਬ ਦੀ ਜਥੇਬੰਦੀ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ ਬਲਵਿੰਦਰ ਕੌਰ ਅਤੇ ਚਾਚਾ ਸੁਖਚੈਨ ਸਿੰਘ ਜੀ ਨੂੰ ਕੱਲ ਬੰਦੀ ਸਿੰਘਾਂ ਦੀ ਰਿਹਾਈ ਦੇ ਸਬੰਧ ਵਿੱਚ ਸ੍ਰੀ ਦਮਦਮਾ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਤੱਕ ਕੱਢੇ ਜਾਣ ਵਾਲੇ ਚੇਤਨਾ ਮਾਰਚ ਦੇ ਸਬੰਧ ਵਿੱਚ ਗ੍ਰਿਫਤਾਰ ਕਰ ਲਿਆ ਗਿਆ ਤੇ ਅੰਮ੍ਰਿਤਸਰ ਦੇ ਥਾਣਾਂ ਏਅਰਪੋਰਟ ਵਿਖੇ ਲਿਜਾਇਆ ਗਿਆ। ਇਸ ਉਪਰੰਤ ਧਰਨੇ ਵਿੱਚ ਸ਼ਮੂਲੀਅਤ ਕਰਨ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਦੋਨੋ ਕੌਮੀ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਸੰਧੂ ਅਤੇ ਸ੍ਰ ਹਰਪਾਲ ਸਿੰਘ ਬਲੇਰ ਆਪਣੇ ਸਾਥੀਆਂ ਸਮੇਤ ਜਦੋਂ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਜੀ ਦਾ ਪਤਾ ਲੈਣ ਲਈ ਥਾਣਾਂ ਏਅਰਪੋਰਟ ਨੂੰ ਜਾ ਰਹੇ ਸਨ ਤਾਂ ਉਹਨਾਂ ਨੂੰ ਵੀ ਅੰਮ੍ਰਿਤਸਰ ਪੁਲਿਸ ਵੱਲੋਂ ਨਿਊ ਰਿਆਲਟੋ ਚੌਂਕ ਵਿੱਚੋਂ ਨਾਕਾ ਲਗਾ ਕੇ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਥਾਣਾਂ ਛੇਹਰਟਾ ਵਿਖੇ ਨਜ਼ਰਬੰਦ ਕਰ ਲਿਆ ਗਿਆ। ਇਸ ਤੋਂ ਪਹਿਲਾਂ ਕਿ ਇਹ ਘਟਨਾਂ ਵਾਪਰਦੀ ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪੰਥਕ ਸਰਗਰਮੀਆਂ ਨੂੰ ਜਾਰੀ ਰੱਖਦਿਆਂ ਪਾਰਟੀ ਦੇ ਦੋਨੋ ਕੌਮੀ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਸੰਧੂ ਅਤੇ ਸ੍ਰ ਹਰਪਾਲ ਸਿੰਘ ਬਲੇਰ ਦੀ ਅਗਵਾਈ ਵਿੱਚ ਹੋਰ ਸੀਨੀਅਰ ਆਗੂਆਂ ਅਤੇ ਵਰਕਰਾਂ ਦੇ ਜੱਥੇ ਦੇ ਰੂਪ ਵਿੱਚ ਡਿਬਰੂਗੜ ਜੇਲ ਵਿੱਚ ਨਜ਼ਰਬੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਲਗਾਏ ਗਏ ਧਰਨੇ ਵਿੱਚ ਸ਼ਮੂਲੀਅਤ ਕੀਤੇ। ਇਸ ਜਥੇ ਵਿੱਚ ਸ੍ਰ ਸੰਧੂ ਅਤੇ ਸ੍ਰ ਬਲੇਰ ਤੋਂ ਇਲਾਵਾ ਸ੍ਰ ਜਸਬੀਰ ਸਿੰਘ ਬੱਚੜੇ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਅਮਰੀਕ ਸਿੰਘ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਸ੍ਰ ਦਵਿੰਦਰ ਸਿੰਘ ਫ਼ਤਾਹਪੁਰ ਪ੍ਰਧਾਨ ਅੰਮ੍ਰਿਤਸਰ ਸ਼ਹਿਰੀ, ਭਾਈ ਬਲਵੰਤ ਸਿੰਘ ਜੀ ਗੋਪਾਲਾ, ਸ੍ਰ ਰਵੀਸ਼ੇਰ ਸਿੰਘ ਯੂਥ ਆਗੂ, ਸ੍ਰ ਜਸਬੀਰ ਸਿੰਘ ਵਡਾਲੀ, ਸ੍ਰ ਦਲਜੀਤ ਸਿੰਘ ਬਾਜਵਾ, ਸ੍ਰ ਰਮਨਦੀਪ ਸਿੰਘ ਮੁੰਡਾ ਪਿੰਡ, ਸ੍ਰ ਨਿਸ਼ਾਨ ਸਿੰਘ ਢਿੱਲੋਂ, ਸ੍ਰ ਦਲਬੀਰ ਸਿੰਘ ਬੰਡਾਲਾ, ਸ੍ਰ ਹਰਸਿਮਰਨਜੀਤ ਸਿੰਘ ਵਾਰਡ ਨੰ: 43, ਸ੍ਰ ਗੁਰਜਿੰਦਰ ਸਿੰਘ, ਸ੍ਰ ਰਾਜਾ ਸਿੰਘ ਮੀਰਾਂਕੋਟੀਆ, ਸ੍ਰ ਜਗਜੀਤ ਸਿੰਘ, ਸ੍ਰ ਗੁਰਪ੍ਰੀਤ ਸਿੰਘ, ਸ੍ਰ ਹਰਪ੍ਰੀਤ ਸਿੰਘ, ਸ੍ਰ ਗੁਰਦੀਪ ਸਿੰਘ ਮੱਲੀ, ਸ੍ਰ ਨਵਰਾਜ ਸਿੰਘ, ਸ੍ਰ ਲਵਦੀਪ ਸਿੰਘ, ਸ੍ਰ ਸੁਖਜਿੰਦਰ ਸਿੰਘ ਕੋਟ ਮਿੱਤ ਸਿੰਘ, ਸ੍ਰ ਬਿਕਰਮਜਤ ਸਿੰਘ ਛੇਹਰਟਾ ਅਤੇ ਗਗਨ ਸਿੰਘ ਸੁਰਸਿੰਘ ਹਾਜਰ ਸਨ ਤੇ ਜੈਕਾਰਿਆਂ ਨਾਲ ਧਰਨੇ ਵਿੱਚ ਸ਼ਮੂਲੀਅਤ ਕਰਨ ਉਪਰੰਤ ਸ੍ਰ ਉਪਕਾਰ ਸਿੰਘ ਸੰਧੂ ਅਤੇ ਸ੍ਰ ਹਰਪਾਲ ਸਿੰਘ ਬਲੇਰ ਨੇ ਪੱਤਰਕਾਰਾਂ ਦੇ ਰੂਬਰੂ ਹੁੰਦਿਆ ਕਿਹਾ ਕਿ ਜਿੱਥੇ ਰਾਜਸੀ ਸ਼ਾਨੋ-ਸ਼ੌਕਤਾਂ ਤੇ ਲਾਲਚਾਂ ਨੂੰ ਦਰ-ਕਿਨਾਰ ਕਰਦਿਆਂ ਅਕਾਲੀ ਦਲ ਅੰਮ੍ਰਿਤਸਰ ਦੀ ਇਹ ਚੜਤ ਬਾਕੀ ਰਿਵਾਇਤੀ ਪਾਰਟੀਆਂ ਨੂੰ ਚੁੱਭਣ ਲੱਗ ਪਈ ਹੈ ਉਸੇ ਤਰਾਂ ਮੌਜੂਦਾ ਸਰਕਾਰ ਵੀ ਖ਼ੁਫੀਆ ਏਜੰਸੀਆਂ ਰਾਹੀਂ ਅਕਾਲੀ ਦਲ ਅੰਮ੍ਰਿਤਸਰ ਦੀਆਂ ਗਤੀਵਿਧੀਆਂ ਤੇ ਪੈਨੀ ਨਜ਼ਰ ਰੱਖ ਰਹੀ ਹੈ ਜੋਕਿ ਬਹੁਤ ਨਿੰਦਣਯੋਗ ਕਾਰਵਾਈ ਹੈ ਕਿਉਂਕਿ ਇਨਸਾਫ ਲੈਣਾਂ ਤੇ ਇਨਸਾਫ ਲਈ ਜੱਦੋ-ਜਹਿਦ ਕਰਨਾਂ ਹਰ ਇਨਸਾਨ ਦਾ ਮੁੱਢਲਾ ਅਧਿਕਾਰ ਹੈ। ਉਹਨਾਂ ਕਿਹਾ ਕਿ ਅਸੀਂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੱਚੇ ਸਿਪਾਹੀਆਂ ਦੇ ਤੌਰ ਤੇ ਪੰਥ ਲਈ ਮਰਾਂਗੇ ਵੀ ਅਤੇ ਜਿੰਨਾਂ ਸਿੰਘਾਂ ਸਿੰਘਣੀਆਂ ਨੇ ਪੰਥ ਲਈ ਕੁਰਬਾਨੀ ਕੀਤੀ ਹੈ ਤੇ ਸਜਾਵਾਂ ਪੂਰੀਆਂ ਹੋਣ ਤੇ ਅਜੇ ਵੀ ਜੇਲਾਂ ਚ' ਬੰਦ ਹਨ ਉਹਨਾਂ ਲਈ ਲੜਾਂਗੇ ਵੀ। ਖ਼ਬਰ ਲਿਖਦਿਆਂ ਤੱਕ ਸ੍ਰ ਉਪਕਾਰ ਸਿੰਘ ਸੰਧੂ ਅਤੇ ਸ੍ਰ ਹਰਪਾਲ ਸਿੰਘ ਬਲੇਰ ਨੇ ਅੰਮ੍ਰਿਤਸਰ ਛੇਹਰਟੇ ਥਾਣੇ ਚ' ਨਜ਼ਰਬੰਦ ਹੁੰਦਿਆਂ ਫੋਨ ਤੇ ਰਾਬਤਾ ਕਰਦਿਆਂ ਕਿਹਾ ਕਿ ਸਰਕਾਰ ਨੂੰ ਸਿੱਖ ਅਤੇ ਸਿੱਖਾਂ ਦੀਆਂ ਹੱਕਾਂ ਅਧਿਕਾਰਾਂ ਦੀਆਂ ਜਾਇਜ਼ ਮੰਗਾ ਵੀ ਗਵਾਰਾ ਨਹੀ ਹਨ ਜੋ ਉਹਨਾਂ ਅੱਜ ਮਾਤਾ ਬਲਵਿੰਦਰ ਕੌਰ ਜੀ ਨੂੰ ਨਜਾਇਜ਼ ਗ੍ਰਿਫਤਾਰ ਕਰਕੇ ਕਨੂੰਨ ਦੀਆਂ ਧੱਜੀਆਂ ਉਡਾਈਆਂ ਹਨ। ਉਹਨਾਂ ਕਿਹਾ ਕਿ ਕੇਂਦਰ ਅਤੇ ਪੰਜਾਬ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਵਧੀਕੀਆਂ ਦੀ ਲਿਸਟ ਹੋਰ ਲੰਬੀ ਹੁੰਦੀ ਜਾ ਰਹੀ ਹੈ ਅਤੇ ਪੰਜਾਬ ਦੇ ਲੋਕ ਹੋਣ ਜਾ ਰਹੀਆਂ ਚੋਣਾਂ ਵਿੱਚ ਇਸਦਾ ਵਾਜਿਬ ਜਵਾਬ ਦੇਣਗੇ।

### ਫ਼ਿਰੋਜ਼ਪੁਰ ਵਿਖੇ ਦਿਨ—ਦਿਹਾੜੇ ਲੁਟੇਰਿਆਂ ਵੱਲੋਂ ਕੀਤੀਆਂ ਜਾ ਰਹੀਆਂ ਲੁੱਟਾਂ

## ਪੁਲਿਸ ਦੀ ਢਿੱਲੀ ਕਾਰਗੁਜਾਰੀ ਤੋਂ ਲੋਕ ਪ੍ਰੇਸ਼ਾਨ

ਫ਼ਿਰੋਜ਼ਪੁਰ, 7 ਅਪ੍ਰੈਲ (ਮਨੋਹਰ ਲਾਲ) — ਬੇਸ਼ੱਕ ਚੋਣ ਜ਼ਾਬਤਾ ਲੱਗਦੇ ਹੀ ਪੁਲਿਸ ਪ੍ਰਸ਼ਾਸਨ ਦੀਆਂ ਜਿੰਮੇਵਾਰੀਆਂ ਵੱਧ ਜਾਂਦੀਆਂ ਹਨ, ਪਰ ਫ਼ਿਰੋਜ਼ਪੁਰ ਵਿਚ ਲਗਾਤਾਰ ਹੋ ਰਹੀਆਂ ਲੁੱਟਾਂ—ਖਸੁੱਟਾਂ ਜਿਥੇ ਆਮ ਲੋਕਾਂ ਨੂੰ ਪ੍ਰੇਸ਼ਾਨੀ ਦੇ ਆਲਮ ਵਿਚ ਡੋਬ ਰਹੀਆਂ ਹਨ, ਉਥੇ ਪੁਲਿਸ ਪ੍ਰਸ਼ਾਸਨ ਦੀ ਕਾਰਗੁਜਾਰੀ ਤੇ ਵੀ ਸਵਾਲੀਆ ਨਿਸ਼ਾਨ ਖੜ੍ਹੇ ਕਰ ਰਹੀਆਂ ਹਨ। ਰਾਤ—ਬਰਾਤੇ ਹੋਣ ਵਾਲੀਆਂ ਚੋਰੀਆਂ ਅੱਜ—ਕੱਲ ਚਿੱਟੇ ਦਿਨ ਹੀ ਸ਼ਰੇਆਮ ਹੋ ਰਹੀਆਂ ਹਨ ਅਤੇ ਬਹੁਤੀਆਂ ਚੋਰੀਆਂ, ਲੁੱਟਾਂ—ਖੋਹਾਂ ਦੀਆਂ ਘਟਨਾਵਾਂ ਜਗ੍ਹਾ—ਜਗ੍ਹਾ ਪਰ ਲੱਗੇ ਸੀ.ਸੀ.ਟੀ.ਵੀ ਕੈਮਰਿਆਂ ਵਿਚ ਕੈਦ ਹੋਣ ਦੇ ਬਾਵਜੂਦ ਬਹੁਤੇ ਚੋਰ ਪੁਲਿਸ ਦੀ ਗ੍ਰਿਫਤ ਤੋਂ ਬਾਹਰ ਰਹਿੰਦੇ ਹਨ, ਜਿਸ ਕਰਕੇ ਆਮ ਲੋਕਾਂ ਨੂੰ ਲਗਾਤਾਰ ਚੋਰੀ ਜਾਂ ਲੁੱਟ—ਖੋਹ ਵਜੋਂ ਚੂੰਨਾ ਲੱਗ ਰਿਹਾ ਹੈ। ਜ਼ਿਕਰਯੋਗ ਹੈ ਕਿ ਲੁੱਟਣ ਦੀ ਨੀਅਤ ਨਾਲ ਆਉਂਦੇ ਲੁਟੇਰੇ ਲੁਟਦੇ ਸਮੇਂ ਤੇਜ਼ਧਾਰ ਹਥਿਆਰਾਂ ਨਾਲ ਵੀ ਹਮਲਾ ਕਰਦੇ ਹਨ, ਜਿਥੇ ਵਿਅਕਤੀ ਲੁੱਟ ਦਾ ਸ਼ਿਕਾਰ ਹੁੰਦਾ ਹੈ, ਉਥੇ ਸੱਟਾਂ ਲੱਗਣ ਕਰਕੇ ਕਈ ਦਿਨਾਂ ਤੱਕ ਹਸਪਤਾਲ ਵਿਚ ਜ਼ੇਰੇ ਇਲਾਜ਼ ਰਹਿੰਦਾ ਹੈ। ਲੁਟੇਰਿਆਂ ਦਾ ਖੌਫ ਹੁਣ ਹਰ ਪਿੰਡ, ਸ਼ਹਿਰ, ਕਸਬਾ, ਗਲੀ—ਗਲੀ ਵਿਚ ਹੋ ਗਿਆ ਹੈ ਅਤੇ ਲੋਕ ਆਪਣੇ—ਆਪ ਨੂੰ ਘਰਾਂ ਵਿਚ ਕੈਦ ਕਰਨ ਲਈ ਮਜ਼ਬੂਰ ਹੋ ਚੁੱਕੇ ਹਨ, ਜਦੋਂ ਕਿ ਕਈ ਸ਼ਾਤਿਰ ਕਿਸਮ ਦੇ ਚੋਰ ਲੋਕਾਂ ਦਾ ਬਾਰ ਖੜਕਾ ਕੇ ਵੀ ਲੁੱਟ ਜਿਹੀ ਘਟਨਾ ਨੂੰ ਅੰਜਾਮ ਦਿੰਦੇ ਹਨ। ਸ਼ਹਿਰ ਵਾਸੀਆਂ ਨੇ ਸਪੱਸ਼ਟ ਕੀਤਾ ਕਿ ਲੁਟੇਰਿਆਂ ਦੇ ਹੌਂਸਲੇ ਏਨੇ ਕੁ ਬੁਲੰਦ ਹਨ ਕਿ ਉਹ ਕਿਸੇ ਤੋਂ ਵੀ ਡਰਦੇ ਨਹੀਂ ਅਤੇ ਰਾਹਗੀਰਾਂ ਨੂੰ ਸ਼ਰੇਆਮ ਲੁੱਟ ਲੈਂਦੇ ਹਨ ਅਤੇ ਜੇਕਰ ਕੋਈ ਇਨ੍ਹਾਂ ਨੂੰ ਰੋਕਣ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਪਰ ਖੂਨੀ ਹਮਲਾ ਕਰ ਦਿੰਦੇ ਹਨ, ਇਥੋਂ ਤੱਕ ਕਿ ਕਈ ਪੱਤਰਕਾਰ ਵੀ ਇਨ੍ਹਾਂ ਲੁਟੇਰਿਆਂ ਦਾ ਸ਼ਿਕਾਰ ਹੋ ਚੁੱਕੇ ਹਨ। ਇਹ ਲੁਟੇਰੇ ਇਕ ਮੋਟਰ ਸਾਈਕਲ ਤੇ ਤਿੰਨ ਆਦਮੀ ਲੁਟੇਰੇ ਹੁੰਦੇ ਹਨ ਅਤੇ ਇਨ੍ਹਾਂ ਨੇ ਆਪਣੇ ਚਿਹਰਾ ਛੁਪਾਇਆ ਹੁੰਦਾ ਹੈ ਅਤੇ ਨਹਿਰਾਂ ਜਾਂ ਖਾਲੀ ਸੜਕ ਤੇ ਇਹ ਲੁੱਟ ਨੂੰ ਅੰਜਾਮ ਦਿੰਦੇ ਹਨ, ਜਿਆਦਾ ਕਰਕੇ ਇਹ ਸ਼ਾਮ 6 ਵਜੇ ਤੋਂ ਬਾਅਦ ਹਰ ਸੜਕ, ਨਹਿਰ ਤੇ ਸ਼ਰੇਆਮ ਵੇਖੇ ਜਾ ਸਕਦੇ ਹਨ ਜਾਂ ਦੁਪਹਿਰ ਵੇਲੇ ਇਹ ਲੁੱਟ ਨੂੰ ਅੰਜਾਮ ਦਿੰਦੇ ਹਨ। ਇਥੋਂ ਤੱਕ ਕਿ ਇਨ੍ਹਾਂ ਲੁਟੇਰਿਆਂ ਦੇ ਹੌਂਸਲੇ ਏਨੇ ਕੁ ਬੁਲੰਦ ਹਨ ਕਿ ਇਹ ਲੁੱਟਣ ਦੇ ਬਾਵਜੂਦ ਵੀ ਜਖਮੀ ਕਰ ਦਿੰਦੇ ਹਨ, ਹਰ ਵਾਰ ਲੋਕਾਂ ਵੱਲੋਂ ਜ਼ਿਲ੍ਹਾ ਪੁਲਿਸ ਮੁਖੀ ਨੂੰ ਇਸ ਬਾਰੇ ਜਾਣਕਾਰੀ ਦਿੱਤੀ ਜਾਂਦੀ ਹੈ ਅਤੇ ਪੁਲਿਸ ਵੱਲੋਂ ਇਕਾ—ਦੁਕਾ ਫੜ ਵੀ ਲਏ ਜਾਂਦੇ ਹਨ, ਪਰ ਸਖਤ ਕਾਰਵਾਈ ਨਾ ਹੋਣ ਕਰਕੇ ਛੱਡ ਦਿੱਤੇ ਜਾਂਦੇ ਹਨ, ਜ਼ੋ ਫਿਰ ਲੁੱਟਾਂ ਕਰਦੇ ਹਨ, ਇਥੋਂ ਤੱਕ ਕਿ ਕਈ ਥਾਵਾਂ ਤੇ ਪੁਲਿਸ ਲੁਟੇਰਿਆਂ ਨੂੰ ਫੜਣ ਲੱਗੇ ਵੀ ਡਰਦੀ ਹੈ, ਕਿਉਂਕਿ ਜੇ ਲੁਟੇਰਾ ਮਰ ਗਿਆ ਤਾਂ ਕਤਲ ਪੁਲਿਸ ਮੁਲਾਜ਼ਮਾਂ ਜਿੰਮੇ ਪੈ ਜਾਵੇਗਾ। ਜਦੋਂ ਇਨ੍ਹਾਂ ਲੁਟੇਰਿਆਂ ਬਾਰੇ ਪੁਲਿਸ ਕੋਲ ਜਾਂਦੇ ਹਨ, ਪੁਲਿਸ ਲੁਟੇਰਿਆਂ ਨੂੰ ਡਰਦੀ ਮਾਰੀ ਨਹੀਂ ਫੜਦੀ ਕਿ ਕਿਤੇ ਇਹ ਮਰ ਨਾ ਜਾਵੇ, ਹੁਣ ਤਾਂ ਮਾਹੌਲ ਏਨਾ ਖਰਾਬ ਹੋ ਗਿਆ ਹੈ ਕਿ ਫ਼ਿਰੋਜ਼ਪੁਰ ਵਾਸੀਆਂ ਦਾ ਕਿ ਉਨ੍ਹਾਂ ਦਾ ਘਰੋਂ ਨਿਕਲਣਾ ਮੁਸ਼ਿਕਲ ਹੋ ਗਿਆ ਹੈ। ਇਸੇ ਤਰ੍ਹਾਂ ਇਕ ਮਜ਼ਦੂਰ ਪਿੰਡ ਰੁਕਨੇ ਵਾਲਾ ਤੋਂ ਦਿਹਾੜੀ ਕਰਕੇ ਸ਼ਾਮ ਨੂੰ 7 ਵਜੇ ਆ ਰਿਹਾ ਸੀ ਤਾਂ ਉਸ ਨੂੰ ਪੰਜ ਲੁਟੇਰਿਆਂ ਨੇ ਮੋਟਰ ਸਾਈਕਲ ਰੁਕਵਾ ਕੇ ਉਸ ਕੋਲੋ ਦਿਹਾੜੀ ਦੇ ਪੰਜ ਸੌ ਰੁਪਏ ਲੁੱਟ ਲਏ ਅਤੇ ਉਸ ਨੂੰ ਬੁਰੀ ਤਰ੍ਹਾਂ ਜਖਮੀ ਕਰ ਦਿੱਤਾ, ਜ਼ੋ ਕਿ ਆਪਣੇ ਘਰ ਹੀ ਇਲਾਜ ਕਰ ਰਿਹਾ ਹੈ, ਇਸੇ ਤਰ੍ਹਾਂ ਤੁਹਾਨੂੰ ਲੁੱਟਾਂ—ਮਾਰਾਂ ਦੀਆਂ ਘਟਨਾਵਾਂ ਹਰ ਗਲੀ, ਹਰ ਮੁਹੱਲੇ, ਹਰ ਪਿੰਡ ਵਿਚ ਹਰ ਰੋਜ਼ ਮਿਲਦੀਆਂ ਹਨ ਅਤੇ ਕਈ ਤਾਂ ਡਰਦੇ ਮਾਰੇ ਪੁਲਿਸ ਕੋਲ ਨਹੀਂ ਜਾਂਦੇ ਅਤੇ ਜੇਕਰ ਕੋਈ ਪੁਲਿਸ ਕੋਲ ਜਾਂਦੇ ਵੀ ਹਨ ਤਾਂ ਉਨ੍ਹਾਂ ਦਾ ਕੁਝ ਨਹੀਂ ਸਵਰਦਾ। ਲੋਕਾਂ ਨੇ ਇਹ ਵੀ ਦੱਸਿਆ ਕਿ ਅਸੀਂ ਆਪਣੀ ਜਿੰਦਗੀ ਵਿਚ ਪਿਛਲੇ 50 ਸਾਲਾਂ ਤੋਂ ਇਹੋ ਜਿਹਾ ਮਾਹੌਲ ਕਦੇ ਵੀ ਨਹੀਂ ਸੀ ਵੇਖਿਆ ਕਿ ਲੁਟੇਰੇ ਇੰਜ ਵੀ ਲੁਟਦੇ ਹਨ, ਪਹਿਲਾਂ ਸਿਰਫ ਇਕਾ—ਦੁਕਾ ਘਟਨਾਵਾਂ ਹੁੰਦੀਆਂ ਸਨ, ਪਰ ਹੁਣ ਹਰ ਰੋਜ਼ ਲੋਕ ਆਪਣੇ ਹੱਡ ਬੀਤੀ ਹਰ ਕੋਈ ਸੁਨਾਉਂਦਾ ਹੀ ਰਹਿੰਦਾ ਹੈ। ਲੋਕਾਂ ਨੇ ਕਿਹਾ ਕਿ ਅਸੀਂ ਫ਼ਿਰੋਜ਼ਪੁਰ ਨਿਵਾਸੀ ਜ਼ਿਲ੍ਹਾ ਪੁਲਿਸ ਅਫਸਰਾਂ ਨੂੰ ਬੇਨਤੀ ਕਰਦੇ ਹਾਂ ਕਿ ਇਨ੍ਹਾਂ ਲੁਟੇਰੇ, ਜੇਬ ਕਤਰੇ, ਚੋਰਾਂ—ਠੱਗਾਂ ਦੀ ਹਰ ਪਿੰਡ—ਪਿੰਡ, ਹਰ ਗਲੀ—ਮੁਹੱਲੇ ਦੀ ਸ਼.ਹਿਰ ਦੀ ਲਿਸਟ ਬਣਾਈ ਜਾਵੇ ਅਤੇ ਉਨ੍ਹਾਂ ਉਪਰ ਪੈਨੀ ਨਜ਼ਰ ਰੱਖੀ ਜਾਵੇ ਅਤੇ ਉਨ੍ਹਾਂ ਖਿਲਾਫ ਸਖਤ ਐਕਸ਼ਨ ਲਿਆ ਜਾਵੇ ਤਾਂ ਹੀ ਇਹ ਲੁਟੇਰਿਆਂ ਨੂੰ ਠੱਲ ਪੈ ਸਕਦੀ ਹੈ, ਨਹੀਂ ਤਾਂ ਇਹ ਸਿਲ—ਸਿਲਾ ਇਸੇ ਤਰ੍ਹਾਂ ਹੀ ਚਲਦਾ ਰਹੇਗਾ। ਲੋਕਾਂ ਨੇ ਅੰਗਰੇਜ਼ ਰਾਜ ਬਾਰੇ ਕਿਹਾ ਕਿ ਇਸ ਨਾਲੋਂ ਤਾਂ ਅੰਗਰੇਜ਼ ਰਾਜ ਚੰਗੀ ਸੀ, ਕਿਉਂਕਿ ਜੇ ਕੁੱਤੇ ਦੇ ਗਲੇ ਵਿਚ ਸੋਨੇ ਦਾ ਕੈਠਾ ਪਾ ਦਿੰਦੇ ਸੀ ਮਜ਼ਾਲ ਹੈ ਕਿ ਕੋਈ ਲਾਹ ਲਵੇ ਅਤੇ ਜੇਕਰ ਭੁਲ ਚੁੱਕ ਵਿਚ ਕਿਸੇ ਪਿੰਡ ਵਿਚ ਕੋਈ ਚੋਰੀ ਹੋ ਜਾਂਦੀ ਸੀ ਤਾਂ ਸਾਰੇ ਪਿੰਡ ਨੂੰ ਇਕੱਠਾ ਕਰਕੇ ਉਸ ਚੋਰ ਨੂੰ ਲੱਭਿਆ ਜਾਂਦਾ ਸੀ ਅਤੇ ਉਸ ਨੂੰ ਸਖਤ ਤੋਂ ਸਖਤ ਸਜਾ ਦਿੱਤੀ ਜਾਂਦੀ ਸੀ ਤਾਂ ਜ਼ੋ ਕਿਸੇ ਦਾ ਵੀ ਹੌਂਸਲਾ ਚੋਰੀ ਕਰਨ ਨੂੰ ਨਹੀਂ ਸੀ ਪੈਂਦਾ। ✚ਇਥੇ ਤਾਂ ਚੋਰ ਤੇ ਕੁਤੀ ਦੋਨੋਂ ਮਿਲੇ ਹੋਏ ਹਨ, ਕਿਸ ਦੀ ਮਾਂ ਨੂੰ ਮਾਸੀ ਆਖੀਏ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥ ਖ਼ਾਲਸੇ ਮਹਿ ਹੌਂ ਕਰੌਂ ਨਿਵਾਸ ॥

## ਖ਼ਾਲਸੇ ਦੇ ਪ੍ਰਗਟ ਦਿਹਾੜੇ ਅਤੇ ਵਿਸਾਖੀ ਪੁਰਬ ਦੀਆਂ ਖੁਸ਼ੀਆਂ ਮਨਾਉਂਦੇ ਹੋਏ

## PBC SKY 775

## ਦੇ ਸਟੂਡਿਓ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਜੀ

# 11,12 &13 APRIL

ਨੂੰ ਕਰਵਾਏ ਜਾਣਗੇ।

ਆਪ ਸਭ ਜੀ ਨੂੰ ਬੇਨਤੀ ਹੈ ਕੇ ਪੰਥ ਦੀਆਂ ਇਹਨਾਂ ਖੁਸ਼ੀਆਂ ਲਈ ਅਤੇ ਪੰਥ ਤੇ ਘਰ ਪਰਿਵਾਰਾਂ ਦੀ ਚੜ੍ਹਦੀਕਲਾ ਲਈ ਅਰਦਾਸ ਵਿੱਚ ਸ਼ਾਮਲ ਹੋਣ ਲਈ ਆਪਣੇ ਨਾਮ ਲਿੱਖਵਾਓ ਜੀ ।

## ਸੇਵਾਵਾਂ ਲਈ ਹੁਣੇ ਸੰਪਰਕ ਕਰੋ ਜੀ।

## 0121 269 0064

ਆਵਾਜ਼ਿ ਕੌਮ AWAZE QAUM International Newspaper & WEB TV

PBC

sky775




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਪੰਥਕ ਆਗੂ ਬਲੇਰ, ਸੰਧੂ, ਗੋਪਾਲਾ, ਬੱਚੜੇ ਗ੍ਰਿਫ਼ਤਾਰ ਤੇ ਰਣਜੀਤ ਸਿੰਘ ਦੇ ਘਰ ਪੁਲਿਸ ਵੱਲੋਂ ਛਾਪੇਮਾਰੀ

ਅੰਮ੍ਰਿਤਸਰ, 7 ਅਪ੍ਰੈਲ ( ਆਵਾਜ਼ਿ ਕੌਮ ਬਿਊਰੋ ): ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਬਲਵਿੰਦਰ ਕੌਰ, ਚਾਚਾ, ਚਾਚੀ, ਭੂਆ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਨਰਲ ਸਕੱਤਰ ਭਾਈ ਹਰਪਾਲ ਸਿੰਘ ਬਲੇਰ, ਭਾਈ ਉਪਕਾਰ ਸਿੰਘ ਸੰਧੂ, ਭਾਈ ਬਲਵੰਤ ਸਿੰਘ ਗੋਪਾਲਾ, ਭਾਈ ਜਸਬੀਰ ਸਿੰਘ ਬੱਚੜੇ ਆਦਿ ਸਿੰਘਾਂ ਨੂੰ ਪੁਲਿਸ ਨੇ ਅੰਮ੍ਰਿਤਸਰ ਦੇ ਰਿਆਲਟੋ ਸਿਨੇਮਾ ਦੇ ਨੇੜਿਓਂ ਗ੍ਰਿਫਤਾਰ ਕਰ ਲਿਆ ਹੈ। ਖ਼ਬਰ ਲਿਖੇ ਜਾਣ ਤੱਕ ਇਹਨਾਂ ਆਗੂਆਂ ਨੂੰ ਗ੍ਰਿਫਤਾਰ ਕਰਕੇ ਪੁਲਿਸ ਵੱਖ-ਵੱਖ ਥਾਣਿਆਂ ਵਿੱਚ ਲੈ ਗਈ ਹੈ। ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਦੇ ਘਰ ਪੁਲਿਸ ਨੇ ਦਸਤਕ ਦਿੱਤੀ ਹੈ। ਥਾਣਾ ਸੁਲਤਾਨਵਿੰਡ ਦੇ ਚਾਰ ਪੁਲਿਸ ਮੁਲਾਜ਼ਮ ਜੋ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਦੇ ਘਰ ਗਏ ਅਤੇ ਉਸ ਦੇ ਪਰਿਵਾਰ ਤੋਂ ਰਣਜੀਤ ਸਿੰਘ ਬਾਰੇ ਪੁੱਛਿਆ ਗਿਆ, ਉਹ ਕਿੱਥੇ ਹੈ ਤੇ ਕਦੋਂ ਗਿਆ ਸੀ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਘਰ ਨਹੀਂ ਸਨ, ਪੁਲਿਸ ਵੱਲੋਂ ਰਣਜੀਤ ਸਿੰਘ ਨੂੰ ਵੀ ਵਾਰ-ਵਾਰ ਫੋਨ ਕੀਤੇ ਜਾ ਰਹੇ ਹਨ। ਜ਼ਿਕਰਯੋਗ ਹੈ ਕਿ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਨਜ਼ਰਬੰਦ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਦੀ ਰਿਹਾਈ ਲਈ ਭਾਈ ਅੰਮ੍ਰਿਤਪਾਲ ਸਿੰਘ ਦੇ ਪਰਿਵਾਰ ਅਤੇ ਹੋਰ ਸੰਗਤਾਂ ਵੱਲੋਂ 8 ਅਪ੍ਰੈਲ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਸ੍ਰੀ ਅਕਾਲ ਤਖਤ ਸਾਹਿਬ ਤੱਕ ਮਾਰਚ ਕੀਤਾ ਜਾਣਾ ਸੀ ਜਿਸ ਨੂੰ ਲੈ ਕੇ ਪੁਲਿਸ ਨੇ ਗ੍ਰਿਫਤਾਰੀਆਂ ਦਾ ਦੌਰ ਸ਼ੁਰੂ ਕੀਤਾ ਹੋਇਆ ਹੈ। ਫੈਡਰੇਸ਼ਨ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਅਤੇ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੁਲਿਸ ਦੇ ਇਸ ਘਟੀਆ ਵਤੀਰੇ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਪੰਥਕ ਆਗੂਆਂ ਨੇ ਕਿਹਾ ਕਿ ਸਰਕਾਰ ਨੇ ਸਾਡੇ ਪਹਿਲੇ ਬੰਦੀ ਸਿੰਘ ਰਿਹਾਅ ਨਹੀਂ ਕੀਤੇ ਅਤੇ ਨਵੇਂ ਸਿੰਘਾਂ ਨੂੰ ਵੀ ਡਿਬਰੂਗੜ੍ਹ ਦੀ ਜੇਲ੍ਹ ਵਿੱਚ 1 ਸਾਲ ਤੋਂ ਨਜ਼ਰਬੰਦ ਕੀਤਾ ਹੋਇਆ ਹੈ। ਸਰਕਾਰ ਸਿੱਖਾਂ ਨੂੰ ਵਾਰ ਵਾਰ ਗੁਲਾਮੀ ਦਾ ਅਹਿਸਾਸ ਕਰਵਾ ਰਹੀ ਹੈ ਸਿੱਖਾਂ ਦੇ ਹੱਕ ਹਕੂਕ ਦੱਬੇ ਜਾ ਰਹੇ ਹਨ।



## ਇੱਕ ਨਜ਼ਰ



### ਜਨਤਾ ਮਾਡਰਨ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਦਾ ਪੰਜਵੀਂ ਸ਼੍ਰੇਣੀ ਦਾ ਨਤੀਜਾ ਸ਼ਾਨਦਾਰ ਰਿਹਾ

ਚੌਂਕ ਮਹਿਤਾ, 7 ਅਪ੍ਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)- ਸਕੂਲ ਵਿਦਿਆਰਥਣ ਰਸ਼ਮੀਤ ਕੌਰ ਅਤੇ ਰੂਹਾਨੀਅਤਪ੍ਰੀਤ ਕੌਰ ਨੇ 99.8 ਫੀਸਦੀ ਨੰਬਰ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ ।ਇਸੇ ਤਰਾਂ ਨਵਜੋਤ ਕੌਰ ਨੇ 95.4 ਫੀਸਦੀ ਅੰਕਾਂ ਨਾਲ ਦੂਸਰਾ ਅਤੇ ਸੌਰਵ ਨੇ 94.8 ਅੰਕਾਂ ਨਾਲ ਤੀਸਰਾ ਸਥਾਨ ਹਾਸਲ ਕੀਤਾ। ਸਕੂਲ ਦੇ 20 ਵਿਦਿਆਥਰੀਆਂ ਨੇ 90 ਫੀਸਦੀ ਅੰਕ ਹਾਸਲ ਕੀਤੇ ।ਬਾਕੀ ਵਿਦਿਆਰਥੀ ਵੀ ਪਹਿਲਾ ਦਰਜਾ ਪ੍ਰਾਪਤ ਕਰਨ ਵਿੱਚ ਸਫਲ ਰਹੇ। ਸਕੂਲ ਚੇਅਰਮੈਨ ਸ. ਪਰਮਜੀਤ ਸਿੰਘ ਸੰਧੂ ਨੇ ਸ਼ਾਨਦਾਰ ਨਤੀਜੇ ਲਈ ਸਮੂਹ ਵਿਦਿਆਰਥੀਆਂ, ਸਟਾਫ ਅਤੇ ਮਾਪਿਆਂ ਨੂੰ ਵਧਾਈ ਦਿੱਤੀ ।ਸਕੂਲ ਮੈਨੇਜਮੈਂਟ ਵਲੋਂ ਹੋਣਹਾਰ ਵਿਦਿਆਰਥੀਆਂ ਨੂੰ ਉਹਨਾਂ ਦੀ ਇਸ ਉਪਲੱਬਧੀ ਲਈ ਸਨਮਾਨਿਤ ਕਰਦਿਆਂ ਉੱਜਵਲ ਭਵਿੱਖ ਲਈ ਸ਼ੁੱਭ ਕਾਮਨਾਵਾਂ ਦਿੱਤੀਆਂ ।ਇਸ ਮੌਕੇ ਤੇ ਸਕੂਲ ਡਾਇਰੈਕਟਰ ਸ੍ਰੀਮਤੀ ਸੁਖਬੀਰ ਕੌਰ ਸੰਧੂ, ਡਾਇਰੈਕਟਰ ਡਾ.ਖੁਸ਼ਪ੍ਰੀਤ ਕੌਰ ਸੰਧੂ, ਡਾ. ਜਸਪ੍ਰੀਤ ਸਿੰਘ ਸੰਧੂ, ਸਕੂਲ ਪ੍ਰਿੰਸੀਪਲ ਮੈਡਮ ਸਤਵਿੰਦਰ ਕੌਰ ਰੰਧਾਵਾ, ਸਮੂਹ ਸਟਾਫ, ਵਿਦਿਆਰਥੀ ਅਤੇ ਉਹਨਾਂ ਦੇ ਮਾਪੇ ਹਾਜ਼ਰ ਸਨ।

### ਆਪ ਦੇ ਉਮੀਦਵਾਰ ਜਿੱਤ ਕੇ ਕਿਸਾਨਾਂ, ਮਜ਼ਦੂਰਾਂ ,ਵਪਾਰੀਆਂ ,ਆੜਤੀਆਂ ਅਤੇ ਨੌਜਵਾਨਾਂ ਦੀ ਆਵਾਜ਼ ਨੂੰ ਬੁਲੰਦ ਕਰਨਗੇ: ਧਾਂਦਰਾ

ਧੂਰੀ, 7 ਅਪ੍ਰੈਲ (ਰਣਜੀਤ ਸਿੰਘ ਪੇਧਨੀ )- ਕੇਂਦਰ ਦੀ ਭਾਰਤੀ ਜਨਤਾ ਪਾਰਟੀ ਸਰਕਾਰ ਨੇ 2014 ਦੀਆਂ ਲੋਕ ਸਭਾ ਚੋਣਾਂ ਵਿੱਚ ਦੇਸ਼ ਦੇ ਵੋਟਰਾਂ ਦੇ ਨਾਲ ਜੋ ਵਾਅਦੇ ਕੀਤੇ ਸਨ ਉਹਨਾਂ ਨੂੰ ਪੂਰਾ ਕਰਨ ਵਿੱਚ ਨਾ ਕਾਮਯਾਬ ਰਹੀ ਹੈ। ਬੀਜੇਪੀ ਸਰਕਾਰ ਨੇ ਵਾਅਦਾ ਕੀਤਾ ਸੀ ਕਿ ਵਿਦੇਸ਼ਾਂ ਵਿੱਚ ਪਿਆ ਕਾਲਾ ਧਨ ਲਿਆ ਕੇ ਦੇਸ਼ ਦੇ ਲੋਕਾਂ ਵਿੱਚ ਵੰਡਿਆ ਜਾਵੇਗਾ, ਹਰ ਇੱਕ ਵਿਅਕਤੀ ਦੇ ਖਾਤੇ ਵਿੱਚ 15-15 ਲੱਖ ਰੁਪਏ ਆਵੇਗਾ ਅਤੇ ਨੌਜਵਾਨਾਂ ਨੂੰ ਹਰ ਸਾਲ ਦੋ ਕਰੋੜ ਨੌਕਰੀਆਂ ਦੇਣ ਦੀ ਗੱਲ ਕੀਤੀ। ਪਰ ਉਹ ਵਾਅਦੇ ਹੀ ਰਹਿ ਗਏ ਹਨ ਇਕ ਵੀ ਵਾਅਦਾ ਪੂਰਾ ਨਹੀਂ ਕੀਤਾ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਮਰਦੀਪ ਸਿੰਘ ਧਾਂਦਰਾ ਨੇ ਕੀਤਾ। ਉਨ੍ਹਾਂ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਇੱਕ ਨੰਬਰ ਦੀ ਝੂਠੀ ਤੇ ਲਾਰੇਬਾਜ਼ ਸਰਕਾਰ ਸਾਬਤ ਹੋ ਚੁੱਕੀ ਹੈ। ਜਿਸ ਨੇ ਆਪਣੇ ਰਾਜ ਵਿੱਚ ਦੇਸ਼ ਦੀ ਤਰੱਕੀ ਲਈ ਅਜੇ ਤੱਕ ਸੇਰ ਵਿੱਚੋਂ ਪੂਣੀ ਵੀ ਨਹੀਂ ਕੱਤੀ, ਭਾਜਪਾ ਨੇ ਲੋਕਾਂ ਦੇ ਨਾਲ ਕੀਤੇ ਵਾਅਦਿਆਂ ਨੂੰ ਠੰਡੇ ਵਸਤੇ ਵਿੱਚ ਪਾ ਕੇ ਰੱਖ ਦਿੱਤਾ ਹੈ। ਉਹਨਾਂ ਕਿਹਾ ਕਿ ਦੇਸ਼ ਦੀ ਤਰੱਕੀ ਦੀਆਂ ਗੱਲਾਂ ਕਰਨ ਵਾਲੀ ਦੇਸ਼ ਦੀ ਭਾਰਤੀ ਜਨਤਾ ਪਾਰਟੀ ਸਰਕਾਰ ਤਰੱਕੀ ਲਈ ਜੇਕਰ ਕੁਝ ਕੀਤਾ ਹੁੰਦਾ ਤਾਂ ਉਹ ਅੱਜ ਜਮੀਨੀ ਪੱਧਰ ਤੇ ਜਰੂਰ ਨਜ਼ਰ ਆਉਣਾ ਸੀ। ਪਰ ਭਾਜਪਾ ਨੇ ਆਪਣੇ ਚਹੇਤਿਆਂ ਨੂੰ ਖੁਸ਼ ਕਰਨ ਦੇ ਲਈ ਵੱਡੇ ਵੱਡੇ ਕਮਾਈ ਦੇ ਸਾਧਨ ਵੇਚ ਦਿੱਤੇ ਉਹਨਾਂ ਨੇ ਸਿਰਫ ਕਾਰਪੋਰੇਟ ਘਰਾਣਿਆਂ ਨੂੰ ਖੁਸ਼ ਕਰਨ ਦੇ ਲਈ 10 ਸਾਲ ਲੋਕਾਂ ਨੂੰ ਮੂਰਖ ਬਣਾਉਣ ਦਾ ਕੰਮ ਕੀਤਾ ਹੈ। ਲੋਕ ਹੁਣ ਭਾਰਤੀ ਜਨਤਾ ਪਾਰਟੀ ਨੂੰ ਮੂੰਹ ਨਹੀਂ ਲਾਉਣਗੇ। ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਵੋਟਾਂ ਨਾਲ ਜਿਤਾ ਕੇ ਲੋਕ ਸਭਾ ਵਿੱਚ ਭੇਜਣਗੇ ਜੋ ਪੰਜਾਬ ਦੇ ਲੋਕਾਂ ਕਿਸਾਨਾਂ, ਮਜ਼ਦੂਰਾਂ ,ਵਪਾਰੀਆਂ ,ਆੜਤੀਆਂ ਅਤੇ ਨੌਜਵਾਨਾਂ ਦੀ ਆਵਾਜ਼ ਨੂੰ ਬੁਲੰਦ ਕਰਨਗੇ। ਇਸ ਮੌਕੇ ਉਹਨਾਂ ਦੇ ਨਾਲ ਆਪ ਆਗੂ ਸੇਵਕ ਲੱਡਾ, ਆਪ ਆਗੂ ਰਾਜੂ ਲੱਡਾ, ਆਪ ਆਗੂ ਗੁਗਨੀ ਧੰਦੀਵਾਲ, ਆਪ ਆਗੂ ਬੂਟਾ ਸੁਲਤਾਨਪੁਰ, ਆਪ ਆਗੂ ਮਨਦੀਪ ਸਿੰਘ ਰੰਗੀਆਂ ਹਾਜਰ ਸਨ।



### ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਇਕ ਪੰਥਕ ਧਿਰ ਵੱਜੋਂ ਮੂਹਰਲੀਆਂ ਸਫਾਂ 'ਚਆਉਣ ਕਾਰਨ ਸਰਕਾਰਾਂ ਸਖ਼ਤੇ 'ਚ

### ਮਾਤਾ ਬਲਵਿੰਦਰ ਕੌਰ ਜੀ ਅਤੇ ਅਕਾਲੀ ਦਲ ਅੰਮ੍ਰਿਤਸਰ ਦੇ ਆਗੂਆਂ ਨੂੰ ਹਿਰਾਸਤ ਚ' ਲਏ ਜਾਣਾਂ ਗੈਰ ਸੰਵਿਧਾਨਿਕ : ਸ਼ਮਸ਼ੇਰ ਸਿੰਘ ਪੱਧਰੀ

ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਿਲਾ ਅੰਮ੍ਰਿਤਸਰ ਦੇ ਪ੍ਰੈਸ ਸਕੱਤਰ ਸ੍ਰ ਸ਼ਮਸ਼ੇਰ ਸਿੰਘ ਪੱਧਰੀ ਨੇ ਇਕ ਪ੍ਰੈਸ ਨੋਟ ਰਾਹੀਂ ਭਾਈ ਅੰਮ੍ਰਿਤਪਾਲ ਸਿੰਘ ਜੀ ਮਾਤਾ ਬਲਵਿੰਦਰ ਕੌਰ ਜੀ ਨੂੰ ਹਿਰਾਸਤ ਚ' ਲਏ ਜਾਣ ਉਪਰੰਤ ਉਹਨਾਂ ਦਾ ਪਤਾ ਲੈਣ ਜਾ ਰਹੇ ਪਾਰਟੀ ਦੇ ਮੁੱਖ ਆਗੂਆਂ ਸ੍ਰ ਉਪਕਾਰ ਸਿੰਘ ਸੰਧੂ, ਸ੍ਰ ਹਰਪਾਲ ਸਿੰਘ ਬਲੇਰ ਦੋਨੋ ਕੌਮੀ ਜਰਨਲ ਸਕੱਤਰ, ਸ੍ਰ ਜਸਬੀਰ ਸਿੰਘ ਬਚੜੇ ਜਥੇਬੰਦਕ ਸਕੱਤਰ ਮਾਝਾ ਜੋਨ, ਭਾਈ ਬਲਵੰਤ ਸਿੰਘ ਗੋਪਾਲਾ, ਸ੍ਰ ਦਲਜੀਤ ਸਿੰਘ ਬਾਜਵਾ, ਸ੍ਰ ਰਮਨਦੀਪ ਸਿੰਘ ਮੁੰਡਾਪਿੰਡ ਅਤੇ ਸ੍ਰ ਨਿਸ਼ਾਨ ਸਿੰਘ ਢਿਲੋਂ ਨੂੰ ਵੀ ਗ੍ਰਿਫਤਾਰ ਕੀਤੇ ਜਾਣ ਦੀ ਘੋਰ ਨਿੰਦਿਆ ਕੀਤੀ ਹੈ ਅਤੇ ਇਸਨੂੰ ਬਿਲਕੁਲ ਗੈਰ-ਸੰਵਿਧਾਨਿਕ ਕਰਾਰ ਦਿੱਤਾ ਹੈ। ਸ੍ਰ ਪੱਧਰੀ ਨੇ ਕਿਹਾ ਕਿ ਡਿਬਰੂਗੜ ਜੇਲ ਚ' ਨਜ਼ਰਬੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਲਗਾਏ ਗਏ ਧਰਨੇ ਨੂੰ ਸਰਕਾਰਾਂ ਵੱਲੋਂ ਦਰ-ਕਿਨਾਰ ਕਰਨ ਦੇ ਰਵੱਈਏ ਕਾਰਨ ਉਹਨਾਂ ਵੱਲੋਂ ਕੱਲ ਮਿਤੀ 8 ਅਪ੍ਰੈਲ ਨੂੰ ਸਿੱਖ ਸੰਗਤ ਨੂੰ ਨਾਲ ਲੈਕੇ ਸ੍ਰੀ ਦਮਦਮਾ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਅੰਮ੍ਰਿਤਸਰ ਤੱਕ ਇਕ ਚੇਤਨਾਂ ਮਾਰਚ ਕੱਢਿਆ ਜਾਣਾਂ ਸੀ ਜਿਸਤੋਂ ਸਖ਼ਤੇ ਚ' ਆਈ ਭਗਵੰਤ ਮਾਨ ਸਰਕਾਰ ਵੱਲੋਂ ਜਾਬਰਾਨਾਂ ਕਦਮ ਚੁੱਕਦਿਆਂ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਮਾਤਾ ਬਲਵਿੰਦਰ ਕੌਰ ਅਤੇ ਚਾਚਾ ਸੁਖਚੈਨ ਸਿੰਘ ਜੀ ਅੱਜ ਹਿਰਾਸਤ ਵਿੱਚ ਲੈ ਲਿਆ ਗਿਆ ਅਤੇ ਉਪਰੰਤ ਅੰਮ੍ਰਿਤਸਰ ਦੇ ਥਾਣਾਂ ਏਅਰਪੋਰਟ ਵਿਖੇ ਲਿਜਾਇਆ ਗਿਆ। ਇਸ ਮੌਕੇ ਧਰਨੇ ਵਿੱਚ ਸ਼ਮੂਲੀਅਤ ਕਰਨ ਪਹੁੰਚੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਸੀਨੀਅਰ ਆਗੂਆਂ ਤੇ ਵਰਕਰਾਂ ਨੂੰ ਜਦੋਂ ਇਸ ਗੱਲ ਦਾ ਪਤਾ ਲੱਗਾ ਤਾਂ ਸਾਰੇ ਆਗੂਆਂ ਨੇ ਮਾਤਾ ਦੇ ਮਗਰ ਉਹਨਾਂ ਦਾ ਪਤਾ ਲੈਣ ਲਈ ਚਾਲੇ ਪਾਏ ਤਾਂ ਅੰਮ੍ਰਿਤਸਰ ਪੁਲਿਸ ਵੱਲੋਂ ਨਿਊ ਰਿਆਲਟੋ ਚੌਂਕ ਵਿੱਚ ਨਾਕਾ ਲਗਾ ਕੇ ਉਕਤ ਸਾਰੇ ਆਗੂਆਂ ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਥਾਣਾਂ ਛੇਹਰਟਾ ਵਿਖੇ ਬੰਦ ਕਰ ਦਿੱਤਾ ਗਿਆ। ਸ੍ਰ ਪੱਧਰੀ ਨੇ ਕਿਹਾ ਕਿ ਇਹ ਕੋਈ ਪਹਿਲੀ ਦਫ਼ਾ ਨਹੀਂ ਹੈ ਕਿ ਹੁਕਮਰਾਨ ਸਰਕਾਰਾਂ ਵੱਲੋਂ ਸਿੱਖਾਂ ਨਾਲ ਅਜਿਹਾ ਸਲੂਕ ਕੀਤਾ ਗਿਆ ਹੋਵੇ ਸਗੋਂ ਇਨਸਾਫ ਤੇ ਹੱਕਾਂ ਖ਼ਾਤਰ ਲੜਨਾਂ ਤੇ ਆਪਾ ਵਾਰਨਾਂ ਹੀ ਸਿੱਖਾਂ ਦੇ ਹਿੱਸੇ ਆਇਆ ਹੈ ਜਿਸਨੂੰ ਗੈਰ-ਸਿੱਖ ਸੋਚ ਦੀਆਂ ਅਤੇ ਉਹਨਾਂ ਦੀਆਂ ਹਮਾਇਤੀ ਸਰਕਾਰਾਂ ਨੇ ਇਕ ਚਲਣ ਬਣਾਂ ਲਿਆ ਹੈ। ਉਹਨਾਂ ਇਹ ਵੀ ਕਿਹਾ ਕਿ ਡਿਬਰੂਗੜ ? ਜੇਲ ਚ' ਨਜ਼ਰਬੰਦ ਬੰਦੀ ਸਿੰਘਾਂ ਦੇ ਪਰਿਵਾਰਾਂ ਵੱਲੋਂ ਸ੍ਰੀ ਅੰਮ੍ਰਿਤਸਰ ਵਿਖੇ ਲਗਾਏ ਗਏ ਧਰਨੇ ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਲਗਾਤਾਰ ਸਮਰਥਨ ਦਿੱਤਾ ਜਾ ਰਿਹਾ ਹੈ ਜਿਸਦੇ ਫਲਸਰੂਪ ਪੰਜਾਬ ਚ' ਅਖੌਤੀ ਪੰਥਕ ਹੋਣ ਦਾ ਢੋਂਗ ਰਚਾਕੇ ਸੱਤਾ ਸੁੱਖ ਮਾਣ ਚੁੱਕੀਆਂ ਰਿਵਾਇਤੀ ਪਾਰਟੀਆਂ ਪੱਛੜਦੀਆਂ ਹੋਈਆਂ ਨਜ਼ਰ ਆ ਰਹੀਆਂ ਹਨ ਤੇ ਇਸ ਵਾਰ ਹੋਣ ਜਾ ਰਹੀਆਂ ਲੋਕ ਸਭਾ ਚੋਣਾਂ ਵਿੱਚ ਵੀ ਇਸਦਾ ਅਸਰ ਵੇਖਣ ਨੂੰ ਮਿਲੇਗਾ।

## ਪੰਜਾਬ ਸਰਕਾਰ ਬੰਦੀ ਸਿੰਘਾ ਦੀ ਰਿਹਾਈ ਲਈ

# ਸ਼ਾਤਮਈ ਸੰਘਰਸ਼ ਨੂੰ ਦਬਾਕੇ ਜਾਣਬੁੱਝ ਕੇ ਭੜਕਾਹਟ ਪੈਦਾ ਕਰ ਰਹੀ ਹੈ: ਕਰਨੈਲ ਸਿੰਘ ਪੀਰਮੁਹੰਮਦ



ਅਮ੍ਰਿੰਤਸਰ 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)- ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਅਤੇ ਬੁਲਾਰੇ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ ਸਮੇਤ ਪਰਿਵਾਰਕ ਮੈਂਬਰਾਂ ਨੂੰ ਪੁਲਿਸ ਵੱਲੋ ਗ੍ਰਿਫਤਾਰ ਕਰਨ ਦੀ ਸਖਤ ਨਿੰਦਾ ਕਰਦਿਆ ਕਿਹਾ ਕਿ ਜੇ ਆਮ ਆਦਮੀ ਪਾਰਟੀ ਦੀ ਸਰਕਾਰ ਆਪਣੇ ਨੇਤਾ ਅਰਵਿੰਦ ਕੇਜਰੀਵਾਲ ਨੂੰ ਭ੍ਰਿਸ਼ਟਾਚਾਰ ਵਿੱਚੋ ਬਚਾਉਣ ਲਈ ਰੋਸ ਮੁਜ਼ਾਹਰੇ ਭੁੱਖ ਹੜਤਾਲ ਕਰ ਸਕਦੀ ਹੈ ਤਾ ਇਹ ਅਧਿਕਾਰ ਬੰਦੀ ਸਿੰਘਾ ਦੀ ਰਿਹਾਈ ਲਈ ਸਿੱਖ ਜਥੇਬੰਦੀਆ ਅਤੇ ਬੰਦੀ ਸਿੰਘਾ ਦੇ ਪਰਿਵਾਰਾ ਨੂੰ ਕਿਉ ਨਹੀ ? ਸ ਕਰਨੈਲ ਸਿੰਘ ਪੀਰਮੁਹੰਮਦ ਨੇ ਆਖਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਨੂੰ ਸਰਕਾਰ ਵਲੋਂ ਐਨ.ਐਸ.ਏ. ਲਗਾ ਕੇ ਪੰਜਾਬ ਤੋਂ ਹਜ਼ਾਰਾਂ ਕਿਲੋਮੀਟਰ ਦੂਰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਕਰਨ ਦੇ ਖ਼ਿਲਾਫ਼ ਉਨ੍ਹਾਂ ਦੇ ਪਰਿਵਾਰਾਂ ਵਲੋਂ ਆਪਣੇ ਜਮਹੂਰੀ ਹੱਕ ਦਾ ਇਸਤੇਮਾਲ ਕਰਨਾ ਕਿਵੇ ਗੈਰਕਾਨੂੰਨੀ ਹੈ ਅਕਾਲੀ ਆਗੂ ਸ੍ਰ ਕਰਨੈਲ ਸਿੰਘ ਪੀਰਮੁਹੰਮਦ ਨੇ ਆਖਿਆ ਕਿ ਸਰਕਾਰ ਨੂੰ ਅਤੀਤ ਤੋਂ ਸਬਕ ਲੈਂਦਿਆਂ ਕੋਈ ਵੀ ਅਜਿਹੀ ਕਾਰਵਾਈ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਜਿਸ ਦੇ ਨਾਲ ਸਿੱਖਾਂ ਵਿੱਚ ਰੋਸ ਦੀ ਭਾਵਨਾ ਵੱਧਦੀ ਹੋਵੇ । ਉਨ੍ਹਾਂ ਆਖਿਆ ਕਿ ਸਰਕਾਰ ਪੁਲਿਸ ਦੇ ਬਲ ਦੀ ਦੁਰਵਰਤੋਂ ਕਰਦਿਆਂ ਭਾਈ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਪਰਿਵਾਰਾਂ ਵਲੋਂ ਚੁੱਕੀ ਜਾ ਰਹੀ ਆਵਾਜ਼ ਨੂੰ ਦਬਾਉਣ ਲਈ ਸਰਕਾਰ ਦੁਆਰਾ ਵਰਤੀ ਜਾ ਰਹੀ ਜਬਰ ਦੀ ਨੀਤੀ ਬੇਹੱਦ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ ਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਬਿਨਾ ਕਿਸੇ ਦੇਰੀ ਦੇ ਰਿਹਾਅ ਕਰ ਦੇਣਾ ਚਾਹੀਦਾ ਹੈ।

# ਜੱਥੇਦਾਰ ਅਕਾਲ ਤਖਤ ਸਾਹਿਬ ਵਲੋਂ ਮਾਤਾ ਬਲਵਿੰਦਰ ਕੌਰ ਸਮੇਤ ਪਰਿਵਾਰਕ ਮੈਂਬਰਾਂ ਨੂੰ ਪੁਲਿਸ ਦੁਆਰਾ ਹਿਰਾਸਤ ਵਿਚ ਲੈਣ ਦੀ ਕਾਰਵਾਈ 'ਤੇ ਸਰਕਾਰ ਨੂੰ ਸਖ਼ਤ ਚਿਤਾਵਨੀ



ਨਵੀਂ ਦਿੱਲੀ 7 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ):-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ ਸਮੇਤ ਪਰਿਵਾਰਕ ਮੈਂਬਰਾਂ ਨੂੰ ਪੁਲਿਸ ਦੁਆਰਾ ਹਿਰਾਸਤ ਵਿਚ ਲੈਣ ਦੀ ਕਾਰਵਾਈ 'ਤੇ ਸਰਕਾਰ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਆਖਿਆ ਹੈ ਕਿ ਬਿਨਾਂ ਵਜ੍ਹਾ ਤੋਂ ਮਾਹੌਲ ਵਿਚ ਤਲਖੀ ਪੈਦਾ ਕਰਨ ਤੋਂ ਗੁਰੇਜ਼ ਕੀਤਾ ਜਾਵੇ। ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਆਖਿਆ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਨ੍ਹਾਂ ਦੇ ਸਾਥੀ ਸਿੰਘਾਂ ਨੂੰ ਸਰਕਾਰ ਵਲੋਂ ਐਨ.ਐਸ.ਏ. ਲਗਾ ਕੇ ਪੰਜਾਬ ਤੋਂ ਹਜ਼ਾਰਾਂ ਕਿਲੋਮੀਟਰ ਦੂਰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿਚ ਨਜ਼ਰਬੰਦ ਕਰਨ ਦੇ ਖ਼ਿਲਾਫ਼ ਉਨ੍ਹਾਂ ਦੇ ਪਰਿਵਾਰਾਂ ਵਲੋਂ ਆਪਣੇ ਜਮਹੂਰੀ ਹੱਕ ਦੀ ਵਰਤੋਂ ਕਰਦਿਆਂ ਕੀਤੇ ਜਾ ਰਹੇ ਸ਼ਾਂਤਮਈ ਸੰਘਰਸ਼ ਤਹਿਤ ਭਲ੍ਹਕੇ 8 ਅਪ੍ਰੈਲ ਨੂੰ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਆਰੰਭ ਹੋਣ ਵਾਲੇ ਖ਼ਾਲਸਾ ਚੇਤਨਾ ਮਾਰਚ ਨੂੰ ਰੋਕਣ ਲਈ ਸਰਕਾਰ ਵਲੋਂ ਵਰਤੇ ਜਾ ਰਹੇ ਹਥਕੰਡੇ ਪੰਜਾਬ ਦੀ ਅਮਨ-ਸ਼ਾਂਤੀ ਵਾਲੇ ਮਾਹੌਲ ਦੇ ਹਿਤ ਵਿਚ ਨਹੀਂ ਹਨ। ਉਨ੍ਹਾਂ ਆਖਿਆ ਕਿ ਸਰਕਾਰ ਨੂੰ ਅਤੀਤ ਤੋਂ ਸਬਕ ਲੈਂਦਿਆਂ ਕੋਈ ਵੀ ਅਜਿਹੀ ਕਾਰਵਾਈ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਜਿਸ ਦੇ ਨਾਲ ਸਿੱਖਾਂ ਵਿਚ ਰੋਸ ਤੇ ਅਲਹਿਦਗੀ ਦੀ ਭਾਵਨਾ ਵੱਧਦੀ ਹੋਵੇ ਅਤੇ ਪੰਜਾਬ ਦਾ ਮਾਹੌਲ ਖ਼ਰਾਬ ਹੁੰਦਾ ਹੋਵੇ। ਉਨ੍ਹਾਂ ਆਖਿਆ ਕਿ ਪੁਲਿਸ ਦੇ ਬਲ ਦੀ ਦੁਰਵਰਤੋਂ ਕਰਦਿਆਂ ਭਾਈ ਅੰਮ੍ਰਿਤਪਾਲ ਸਿੰਘ ਤੇ ਉਨ੍ਹਾਂ ਦੇ ਸਾਥੀ ਸਿੰਘਾਂ ਦੇ ਮਨੁੱਖੀ ਅਧਿਕਾਰਾਂ ਲਈ ਉਨ੍ਹਾਂ ਦੇ ਪਰਿਵਾਰਾਂ ਵਲੋਂ ਚੁੱਕੀ ਜਾ ਰਹੀ ਆਵਾਜ਼ ਨੂੰ ਦਬਾਉਣ ਲਈ ਸਰਕਾਰ ਦੁਆਰਾ ਵਰਤੀ ਜਾ ਰਹੀ ਜਬਰ ਦੀ ਨੀਤੀ ਬੇਹੱਦ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੂੰ ਤੁਰੰਤ ਭਾਈ ਅੰਮ੍ਰਿਤਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ ਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਰਿਹਾਅ ਕਰਨਾ ਚਾਹੀਦਾ ਹੈ।

# ਮੈਡੀਕਲ ਪ੍ਰੈਕਟੀਸ਼ਨਰ ਐਸੋਸ਼ੀਏਸ਼ਨ ਵਿਸਾਖੀ ਦਿਹਾੜੇ 'ਤੇ ਤਿੰਨ ਦਿਨ ਮੁਫ਼ਤ ਮੈਡੀਕਲ ਕੈਂਪ ਲਾਏਗੀ: ਘਈ



ਤਲਵੰਡੀ ਸਾਬੋ, 7 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸ਼ੀਏਸ਼ਨ ਦੀ ਅੱਜ ਹੋਈ ਮਹੀਨਾਵਾਰ ਮੀਟਿੰਗ ਜਿਸਨੂੰ ਸਬੋਧਨ ਕਰਦੇ ਹੋਏ ਬਲਾਕ ਪ੍ਰਧਾਨ ਗੁਰਮੇਲ ਸਿੰਘ ਘਈ ਨੇ ਕਿਹਾ ਹੈ ਕਿ ਜ਼ਿਲ੍ਹੇ ਵੱਲੋ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਮਿਤੀ 12, 13 ਅਤੇ 14 ਅਪ੍ਰੈਲ ਨੂੰ ਤਖਤ ਸ੍ਰੀ ਦਮਦਮਾ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਮੁਫ਼ਤ ਮੈਡੀਕਲ ਕੈਂਪ ਲਗਾਏਗੀ ਜਿਸ ਵਿਚ ਸਟੇਟ ਬਾਡੀ, ਬਠਿੰਡਾ ਜ਼ਿਲ੍ਹੇ ਦੀਆਂ ਦਸੇ ਬਲਾਕਾਂ ਆਪੋ ਆਪਣੀਆਂ ਸਹਿਯੋਗ ਦੇ ਕੇ ਬਾਹਰੋਂ ਦਰਸ਼ਨ ਕਰਨ ਆਉਣ ਵਾਲੇ ਸ਼ਰਧਾਲੂਆਂ ਨੂੰ ਮੁਫ਼ਤ ਸਿਹਤ ਸਹੂਲਤਾਂ ਦੇਵੇਗੀ। ਮੇਲੇ ਵਿਚ ਆਉਣ ਵਾਲੀਆਂ ਸੰਗਤਾਂ ਅਪੀਲ ਕੀਤੀ ਕਿ ਜਿੱਥੇ ਆਪਣੀ ਸਿਹਤ ਦਾ ਖਿਆਲ ਰੱਖਣਾ ਚਾਹੀਦਾ ਹੈ ਉਥੇ ਆਪਣੇ ਗਹਿਣੇ, ਪੈਸੇ ਅਤੇ ਛੋਟੇ ਬੱਚਿਆਂ ਦਾ ਵਿਸ਼ੇਸ਼ ਖਿਆਲ ਰੱਖਿਆ ਜਾਵੇ। ਉਹਨਾਂ ਕਿਹਾ ਕਿ ਮੇਲੇ ਮੌਕੇ ਸਿਹਤ ਸਬੰਧੀ ਕੋਈ ਮੁਸ਼ਕਲ ਆਉਂਦੀ ਹੈ ਤਾਂ ਸਾਡੀ ਐਸੋਸੀਏਸਨ ਤਿੰਨੇ ਦਿਲ 24 ਘੰਟੇ ਸੰਗਤ ਦੀ ਸੇਵਾ ਹਾਜ਼ਰ ਹੋਵੇਗੀ। ਮੀਟਿੰਗ ਵਿੱਚ ਹਾਜ਼ਰ ਜ਼ਿਲ੍ਹਾ ਆਗੂ ਬੂਟਾ ਸਿੰਘ ਸਿਵੀਆਂ, ਬਲਾਕ ਗੋਨੇਆਣਾ ਦੇ ਪ੍ਰਧਾਨ ਗੁਰਜੰਟ ਸਿੰਘ ਸਿਵੀਆਂ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਨਛੱਤਰ ਸਿੰਘ ਨਥੇਹਾ, ਲਖਵਿੰਦਰ ਸਿੰਘ ਜੌਹਲ ਜ਼ਿਲ੍ਹਾ ਮੀਤ ਪ੍ਰਧਾਨ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬਲਾਕ ਮੈਂਬਰਾਂ ਨੇ ਭਾਗ ਲਿਆ। ਇਸ ਮੌਕੇ ਲਛਮਣ ਕੁਮਾਰ ਜਗਾ, ਕੈਸ਼ੀਅਰ ਬਿੱਕਰ ਸਿੰਘ ਧਿੰਗੜ, ਸੈਕਟਰੀ ਰੇਸ਼ਮ ਸਿੰਘ ਭਾਗੀਬਾਂਦਰ, ਸੀਂਗੋ ਸਰਕਲ ਪ੍ਰਧਾਨ ਭਰਪੂਰ ਸਿੰਘ, ਰਾਮਾ ਸਰਪ੍ਰਸਤ ਰਾਜ ਕੁਮਾਰ ਬਾਂਸਲ, ਰਾਮਾ ਦਿਹਾਤੀ ਪ੍ਰਧਾਨ ਜਸਵੀਰ ਸਿੰਘ ਕੋਟਬਖਤੂ, ਅੰਤਰ ਸਿੰਘ ਮਾਨ ਵਾਲਾ, ਸਲਾਹਕਾਰ ਗੁਰਨਾਮ ਸਿੰਘ ਖੋਖਰ, ਮਿਠੂ ਖਾਨ ਲੇਲੇਵਾਲਾ, ਭੋਲਾ ਸਿੰਘ ਬਲਾਕ ਮੀਤ ਪ੍ਰਧਾਨ ਸ਼ੇਖਪੁਰਾ, ਸੁਖਚਰਨ ਸਿੰਘ, ਹਰਦੀਪ ਸਿੰਘ, ਬਸੰਤ ਸਿੰਘ, ਲੇਲੇਵਾਲਾ, ਕੌਰ ਸਿੰਘ ਭਾਗੀਬਾਂਦਰ, ਗੁਰਪ੍ਰੀਤ ਸਿੰਘ, ਕੇਵਲ ਸਿੰਘ ਸੁਖਲੱਧੀ, ਲਖਵਿੰਦਰ ਸਿੰਘ, ਜਰਨੈਲ ਸਿੰਘ ਕੌਰੇਆਣਾ, ਸੁਖਦੇਵ ਸਿੰਘ ਮਿਰਜ਼ੇਆਣਾ, ਨਿੰਦਰ ਸਿੰਘ, ਬਾਬੂ ਸਿੰਘ, ਗੁਰਲਾਲ ਸਿੰਘ ਗੁਰਵਿੰਦਰ ਸਿੰਘ ਬੰਗੀ, ਗਗੜ ਸਿੰਘ ਗਹਿਲੇਵਾਲਾ, ਚਾਨਣ ਰਾਮ ਜਗਾ, ਅਨਿਲ ਕੁਮਾਰ, ਗੁਰਪਰੀਤ ਸਿੰਘ, ਹਰਪ੍ਰੀਤ ਸਿੰਘ ਕੋਟ ਫੱਤਾ, ਵੈਦ ਰਾਜਾ ਸਿੰਘ, ਰਛਪਾਲ ਸਿੰਘ, ਗੁਰਪ੍ਰੀਤ ਸਿੰਘ, ਸੁਰੇਸ਼ ਕੁਮਾਰ, ਜਗਪ੍ਰੀਤ ਸਿੰਘ ਲੇਲੇਵਾਲਾ, ਰਤਨਦੀਪ ਸਿੰਘ ਸ਼ੇਖਪੁਰਾ, ਜਗਸੀਰ ਸਿੰਘ ਸੀਂਗੋ, ਜਗਰੂਪ ਸਿੰਘ ਗੋਲੇਵਾਲਾ, ਨੇਕ ਸਿੰਘ ਨੰਗਲਾ, ਸੁਖਮੰਦਰ ਸਿੰਘ ਬੰਗੀ ਕਲਾਂ, ਪ੍ਰਿਤਪਾਲ ਸਿੰਘ ਬੰਗੇਹਰ, ਪਰਮਜੀਤ ਸਿੰਘ ਮਾਹੀਨੰਗਲ, ਜਸਵੰਤ ਸਿੰਘ ਨਸੀਬਪੁਰਾ, ਦਰਸ਼ਨ ਰਾਮ, ਜਸ਼ਨ ਕੁਮਾਰ ਸੰਦੀਪ ਸਿੰਘ ਰਾਮਾ ਮੰਡੀ, ਅੰਮ੍ਰਿਤਪਾਲ ਸਿੰਘ, ਜਸ਼ਨਪ੍ਰੀਤ ਸਿੰਘ ਸੇਰਗੜ, ਇਕਬਾਲ ਸਿੰਘ ਰਾਈਆ, ਅਮਰੀਕ ਸਿੰਘ ਨਵਾ ਪਿੰਡ, ਗੁਰਤੇਜ ਸਿੰਘ ਤਿਉਣਾ, ਜਗਸੀਰ ਸਿੰਘ ਸੀਂਗੋ ਆਦਿ ਹਾਜ਼ਰ ਹੋਏ।

# 'ਇਤਿਹਾਸ ਵਿੱਚ ਸਿੱਖ ਬੀਬੀਆਂ ਦਾ ਯੋਗਦਾਨ' ਲੜੀ ਤਹਿਤ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਵੱਲੋਂ ਕਰਵਾਇਆ ਗਿਆ ਅੱਠਵਾਂ ਵਿਸ਼ੇਸ਼ ਲੈਕਚਰ

ਨਵੀਂ ਦਿੱਲੀ, 7 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਸਿੱਖ ਇਤਿਹਾਸ ਦੇ ਪ੍ਰਚਾਰ-ਪ੍ਰਸਾਰ ਲਈ ਸਮਰਪਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਿੱਖ ਹਿਸਟਰੀ ਐਂਡ ਗੁਰਬਾਣੀ ਫ਼ੋਰਮ ਵੱਲੋਂ ਡਾ. ਪ੍ਰੋ. ਚਰਨ ਸਿੰਘ (ਚੇਅਰਮੈਨ ਪੰਜਾਬ ਐਂਡ ਸਿੰਧ ਬੈਂਕ) ਦੀ ਪ੍ਰੇਰਨਾ ਨਾਲ ਗੁ. ਰਕਾਬ ਗੰਜ ਸਾਹਿਬ ਦੇ ਕਾਨਫਰੰਸ ਹਾਲ ਵਿਖੇ "ਇਤਿਹਾਸ ਵਿੱਚ ਸਿੱਖ ਬੀਬੀਆਂ" ਲੜੀ ਤਹਿਤ ਅੱਠਵਾਂ ਵਿਸ਼ੇਸ਼ ਲੈਕਚਰ ਸ੍ਰੀ ਗੁਰੂ ਅਮਰਦਾਸ ਜੀ ਦੀਆਂ ਸੁਪੁੱਤ੍ਰੀਆਂ "ਬੀਬੀ ਭਾਨੀ ਜੀ ਅਤੇ ਬੀਬੀ ਦਾਨੀ ਜੀ" ਦੇ ਜੀਵਨ ਇਤਿਹਾਸ ਸੰਬੰਧੀ ਕਰਵਾਇਆ ਗਿਆ। ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਇੰਡੀਆ ਗੇਟ ਦੇ ਵਿਦਿਆਰਥੀਆਂ ਦੁਆਰਾ ਗਾਏ ਗੁਰਬਾਣੀ ਸ਼ਬਦ ਤੋਂ ਬਾਅਦ ਸੰਸਥਾ ਦੇ ਡਾਇਰੈਕਟਰ ਡਾ. ਹਰਬੰਸ ਕੌਰ ਸਾਗੂ ਨੇ ਆਏ ਹੋਏ ਵਿਦਵਾਨਾਂ, ਸੰਗਤਾਂ ਤੇ ਪਤਵੰਤੇ ਸੱਜਣਾਂ ਨੂੰ ਜੀ ਆਇਆਂ ਨੂੰ ਆਖਿਆ ਅਤੇ ਮੁੱਖ ਵਕਤਾ ਡਾ. ਸੁਖਦਿਆਲ ਸਿੰਘ (ਸਾਬਕਾ ਪ੍ਰੋਫ਼ੈਸਰ ਪੰਜਾਬੀ ਯੂਨੀਵਰਸਿਟੀ ਪਟਿਆਲਾ), ਅੱਜ ਦੇ ਲੈਕਚਰ ਦੀ ਪ੍ਰਧਾਨਗੀ ਕਰ ਰਹੇ ਡਾ. ਮਹਿੰਦਰ ਸਿੰਘ (ਡਾਇਰੈਕਟਰ ਭਾਈ ਵੀਰ ਸਿੰਘ ਸਾਹਿਤ ਸਦਨ) ਅਤੇ ਡਾ. ਜਗਜੀਤ ਸਿੰਘ ਸੱਭਰਵਾਲ (ਸਾਬਕਾ ਪ੍ਰੋਫੈਸਰ ਗੁਰੂ ਨਾਨਕ ਦੇਵ ਖ਼ਾਲਸਾ ਕਾਲਜ) ਦਾ ਰਸਮੀ ਸਵਾਗਤ ਕਰਦਿਆਂ ਉਹਨਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਮੁੱਖ ਵਕਤਾ ਡਾ. ਸੁਖਦਿਆਲ ਸਿੰਘ ਜੀ ਨੇ ਮੁਗ਼ਲ ਦਰਬਾਰ ਦੀ ਅਖ਼ਬਾਰ ਉੱਤੇ ਅਧਾਰਿਤ ਡਾ. ਹਰਬੰਸ ਕੌਰ ਸਾਗੂ ਦੁਆਰਾ ਅਨੁਵਾਦਿਤ ਪੁਸਤਕ "ਅਖ਼ਬਾਰ - ਏ - ਦਰਬਾਰ - ਏ - ਮੌਲਾ" ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਸ੍ਰੀ ਗੁਰੂ ਅਮਰਦਾਸ ਜੀ ਦੀਆਂ ਸੁਪੁੱਤ੍ਰੀਆਂ ਬੀਬੀ ਭਾਨੀ ਜੀ ਅਤੇ ਬੀਬੀ ਦਾਨੀ ਜੀ ਬਾਰੇ ਦੱਸਿਆ ਕਿ ਸ਼ਹੀਦ ਪਰਿਵਾਰ ਦੀ ਜਣਨੀ ਬੀਬੀ ਭਾਨੀ ਜੀ ਸਿੱਖ ਧਰਮ ਵਿੱਚ ਇਕ ਐਸੀ ਮਾਤਾ ਹੋਏ ਹਨ, ਜਿਸ ਦਾ ਸਾਨੀ ਸੰਸਾਰ ਵਿਚ ਕੋਈ ਨਹੀਂ ਹੈ। ਪਹਿਲੇ ਦੋ ਗੁਰੂ ਸਾਹਿਬਾਨ ਨੂੰ ਛੱਡ ਕੇ ਬਾਕੀ ਅੱਠ ਗੁਰੂ ਸਾਹਿਬਾਨ ਦਾ ਬੀਬੀ ਭਾਨੀ ਜੀ ਨਾਲ ਪ੍ਰਵਾਰਕ ਰਿਸ਼ਤਾ ਸੀ। ਬੀਬੀ ਭਾਨੀ ਜੀ ਸਰਬ ਗੁਣਾਂ ਦੇ ਭੰਡਾਰ, ਮਿਲਾਪੜੇ ਸਹਿਯੋਗੀ , ਸੇਵਾ ਸਿਮਰਨ ਦੀ ਮੂਰਤ , ਸਹਿਣਸ਼ੀਲ , ਸੰਜਮੀ ਗਹਿਰ ਗੰਭੀਰ , ਧੀਰਜਵਾਨ , ਸਬਰ ਭਰਪੂਰ, ਮਿੱਠਬੋਲੜੇ , ਨਿਮਰ, ਆਗਿਆਕਾਰੀ ਅਤੇ ਪਰਉਪਕਾਰੀ ਸਨ। ਲੈਕਚਰ ਦੀ ਪ੍ਰਧਾਨਗੀ ਕਰਦਿਆਂ ਡਾ. ਮਹਿੰਦਰ ਸਿੰਘ ਸਿੰਘ ਅਤੇ ਡਾ. ਜਗਜੀਤ ਸਿੰਘ ਸੱਭਰਵਾਲ ਨੇ ਬੀਬੀ ਭਾਨੀ ਜੀ ਅਤੇ ਬੀਬੀ ਦਾਨੀ ਜੀ ਦੇ ਜੀਵਨ ਬਾਰੇ ਆਪਣੇ ਵੱਡਮੁੱਲੇ ਵਿਚਾਰ ਸਾਂਝੇ ਕੀਤੇ। ਉਪਰੰਤ ਡਾ. ਹਰਪ੍ਰੀਤ ਕੌਰ ਪ੍ਰਿੰਸੀਪਲ ਮਾਤਾ ਸੁੰਦਰੀ ਕਲਾਜ ਅਤੇ ਸਵਰਣ ਸਿੰਘ "ਸਵਰਣ" ਵੱਲੋਂ ਅੱਜ ਦੇ ਲੈਕਚਰ ਵਿਚ ਹਾਜ਼ਰੀ ਭਰਨ ਵਾਲੇ ਪਤਵੰਤੇ ਸੱਜਣਾ ਤੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਦੇ ਅਧਿਆਪਕ, ਵਿਦਿਆਰਥੀ, ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਅਧਿਆਪਕ, ਸਰੋਤਾ ਆਦਿ ਨੇ ਸ਼ਮੂਲੀਅਤ ਕੀਤੀ।

# ਇੱਕ ਨਜ਼ਰ



## ਮੌਜੂਦਾ ਲੋਕ ਸਭਾ ਚੋਣਾਂ ਅੰਮ੍ਰਿਤਸਰ ਦੇ ਭਵਿੱਖ ਦੀ ਲੜਾਈ: ਤਰਨਜੀਤ ਸਿੰਘ ਸੰਧੂ

### ਪ੍ਰਧਾਨ ਮੰਤਰੀ ਮੋਦੀ ਤੋਂ ਅੰਮ੍ਰਿਤਸਰ ਲਈ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ

ਅੰਮ੍ਰਿਤਸਰ, 7 ਅਪ੍ਰੈਲ (ਆਵਾਜ਼ਿ ਕੌਮ ਬਿਊਰੋ) ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਮੌਜੂਦਾ ਲੋਕ ਸਭਾ ਚੋਣਾਂ ਭਵਿੱਖ ਦੀ ਲੜਾਈ ਹੈ, ਜੋ ਅੰਮ੍ਰਿਤਸਰ ਅਤੇ ਇੱਥੋਂ ਦੇ ਲੋਕਾਂ ਦਾ ਭਵਿੱਖ ਤੈਅ ਕਰੇਗੀ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਅਤੇ ਸਰਹੱਦੀ ਖੇਤਰ ਹੋਰਨਾਂ ਸ਼ਹਿਰਾਂ ਦੇ ਮੁਕਾਬਲੇ ਕਾਫੀ ਪਛੜੇ ਹੋਏ ਹਨ। ਇਸ ਨੂੰ ਮੁੜ ਲੀਹ 'ਤੇ ਲਿਆਉਣ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਅਜਿਹੇ ਵਿਅਕਤੀ ਦੀ ਚੋਣ ਕਰਨ ਦੀ ਲੋੜ ਹੈ ਜੋ ਇਸ ਕੰਮ ਨੂੰ ਕਰਨ ਦੀ ਸਮਰੱਥਾ ਰੱਖਦਾ ਹੋਵੇ। ਉਨ੍ਹਾਂ ਵਾਅਦਾ ਕੀਤਾ ਕਿ ਉਹ ਅੰਮ੍ਰਿਤਸਰ ਲਈ ਵਿਸ਼ੇਸ਼ ਪੈਕੇਜ ਲੈ ਕੇ ਆਉਣਗੇ। ਤਰਨਜੀਤ ਸਿੰਘ ਸੰਧੂ ਅੱਜ ਸਥਾਨਕ ਇੱਕ ਹੋਟਲ ਵਿਖੇ ਪੰਚਾਂ, ਸਰਪੰਚਾਂ ਅਤੇ ਪਤਵੰਤਿਆਂ ਦੇ ਪ੍ਰਭਾਵਸ਼ਾਲੀ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਅਮਰੀਕੀ ਕੰਪਨੀਆਂ ਵਲੋਂ ਭਾਰਤ ਵਿੱਚ ਕੀਤੇ ਜਾ ਰਹੇ ਨਿਵੇਸ਼ ਦਾ ਇੱਕ ਹਿੱਸਾ ਅੰਮ੍ਰਿਤਸਰ ਵਿੱਚ ਵੀ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਰਤ-ਅਮਰੀਕਾ ਸਬੰਧ ਹੁਣ ਭਾਈਵਾਲੀ ਵਜੋਂ ਤੇਜ਼ੀ ਨਾਲ ਅੱਗੇ ਵੱਧ ਰਹੇ ਹਨ, ਹੁਣ ਅਮਰੀਕਾ ਅਤੇ ਅੰਮ੍ਰਿਤਸਰ ਦਰਮਿਆਨ ਸਬੰਧ ਬਣਾਉਣ ਦੀ ਵਾਰੀ ਹੈ। ਉਨ੍ਹਾਂ ਅਮਨ-ਕਾਨੂੰਨ ਦੀ ਮਾੜੀ ਹਾਲਤ ਅਤੇ ਨਸ਼ਿਆਂ ਤੋਂ ਪੀੜਤ ਲੋਕਾਂ ਪ੍ਰਤੀ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਜਿਨ੍ਹਾਂ ਸੂਬਿਆਂ ਵਿੱਚ ਭਾਜਪਾ ਦੀਆਂ ਸਰਕਾਰਾਂ ਹਨ, ਉੱਥੇ ਅਮਨ-ਕਾਨੂੰਨ ਦੀ ਕੋਈ ਸਮੱਸਿਆ ਨਹੀਂ ਹੈ ਅਤੇ ਨਸ਼ਿਆਂ ਲਈ ਕੋਈ ਥਾਂ ਨਹੀਂ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਨਸ਼ਿਆਂ ਤੋਂ ਮੁਕਤ ਕਰਨ ਤੋਂ ਇਲਾਵਾ ਉਨ੍ਹਾਂ ਨੂੰ ਵਿਦੇਸ਼ ਜਾਣ ਤੋਂ ਰੋਕਣ ਲਈ ਇੱਥੇ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਜਾਣਗੇ। ਮੈਂ ਨੌਜਵਾਨਾਂ ਦੀਆਂ ਭਾਵਨਾਵਾਂ ਤੋਂ ਜਾਣੂ ਹਾਂ, ਉਹ ਜ਼ਿੰਦਗੀ ਵਿੱਚ ਬਹੁਤ ਕੁਝ ਕਰਨਾ ਚਾਹੁੰਦੇ ਹਨ ਅਤੇ ਅੱਗੇ ਵਧਣਾ ਚਾਹੁੰਦੇ ਹਨ। ਇੱਥੋਂ ਦੇ ਨੌਜਵਾਨਾਂ ਨੂੰ ਸਮਰੱਥ ਬਣਾਉਣ ਲਈ ਕੁਸ਼ਲ ਸਿੱਖਿਆ ਪ੍ਰਦਾਨ ਕਰਨ ਦੀ ਲੋੜ ਹੈ। ਕੰਪਨੀਆਂ ਨੂੰ ਚੰਗੇ ਹੁਨਰਮੰਦ ਲੋਕ ਨਹੀਂ ਮਿਲਦੇ। ਵਿਦੇਸ਼ੀ ਕੰਪਨੀਆਂ ਇੰਟਰਨਸ਼ਿਪ ਦੀ ਪੇਸ਼ਕਸ਼ ਕਰਨ ਲਈ ਤਿਆਰ ਹਨ. ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅਸੀਂ ਮਿਲ ਕੇ ਕੰਮ ਕਰਾਂਗੇ। ਸਾਡੇ ਸੁਪਨੇ ਜ਼ਰੂਰ ਸਾਕਾਰ ਹੋਣਗੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਪਹਿਲਾਂ ਵੀ ਸਭ ਕੁਝ ਸੀ, ਹੁਣ ਵੀ ਸਾਡੇ ਕੋਲ ਬਹੁਤ ਮੌਕੇ ਹਨ, ਅਸੀਂ ਸ਼ਹਿਰ ਦਾ ਮਾਣ ਬਹਾਲ ਕਰਨਾ ਹੈ। ਇੰਦੌਰ ਕਿੱਥੇ ਪਹੁੰਚ ਗਿਆ ਹੈ? ਅੰਮ੍ਰਿਤਸਰ ਦਾ ਚਿਹਰਾ ਬਦਲਣ ਦਾ ਸਮਾਂ ਆ ਗਿਆ ਹੈ, 2027 ਤੱਕ ਇਹ ਸ਼ਹਿਰ ਇੰਦੌਰ ਦਾ ਮੁਕਾਬਲਾ ਕਰੇਗਾ। ਉਨ੍ਹਾਂ ਕਿਹਾ ਕਿ ਹਰਿਆਣਾ ਅਤੇ ਹੋਰ ਰਾਜਾਂ ਦੀਆਂ ਲੜਕੀਆਂ ਖੇਡਾਂ ਵਿੱਚ ਤਰੱਕੀ ਕਰ ਰਹੀਆਂ ਹਨ ਤਾਂ ਅਸੀਂ ਪਿੱਛੇ ਕਿਉਂ ਹਾਂ? ਅੰਮ੍ਰਿਤਸਰ ਵਿੱਚ ਖੇਡਾਂ ਨੂੰ ਮੁੜ ਸੁਰਜੀਤ ਕੀਤਾ ਜਾਵੇਗਾ। ਇੱਕ ਸਾਲ ਬਾਅਦ ਅੰਮ੍ਰਿਤਸਰ ਵਿੱਚ 9♦* ਦੇ ਮੈਚ ਹੋਣਗੇ। ਉਨ੍ਹਾਂ ਕਿਹਾ ਕਿ ਨਿੱਜੀ ਖੇਤਰ ਨੂੰ ਅੰਮ੍ਰਿਤਸਰ ਲਿਆਉਣਾ ਪਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਸੈਰ ਸਪਾਟਾ ਉਦਯੋਗ ਦੀਆਂ ਵਧੇਰੇ ਸੰਭਾਵਨਾਵਾਂ ਹਨ। ਨੌਜਵਾਨ ਸਟਾਰਟਅੱਪ ਸ਼ੁਰੂ ਕਰ ਸਕਦੇ ਹਨ। ਅੰਮ੍ਰਿਤਸਰ ਤੱਕ ਹਵਾਈ ਸੰਪਰਕ ਵਧਾਉਣ ਦੀ ਲੋੜ ਹੈ। ਏਅਰ ਕੈਨੇਡਾ ਅੰਮ੍ਰਿਤਸਰ ਉਤਰਨ ਲਈ ਤਿਆਰ ਹੈ। ਜਲਦੀ ਹੀ ਇੱਥੇ ਅਮਰੀਕੀ ਕੌਂਸਲੇਟ ਖੋਲ੍ਹਿਆ ਜਾਵੇਗਾ। ਵੀਜ਼ਾ ਇੱਥੋਂ ਮਿਲ ਜਾਵੇਗਾ। ਅੰਤਰਰਾਸ਼ਟਰੀ ਵਪਾਰ ਲਈ ਮੌਕਿਆਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਨੇ ਕਿਸਾਨਾਂ ਦੀ ਆਮਦਨ ਵਧਾਉਣ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਅੰਮ੍ਰਿਤਸਰ ਤੋਂ ਫਲ, ਸਬਜ਼ੀਆਂ, ਅੰਮ੍ਰਿਤਸਰੀ ਗਹਿਣੇ, ਜੁੱਤੀਆਂ, ਫੁਲਕਾਰੀ ਆਦਿ ਨੂੰ ਕਾਰਗੋ ਰਾਹੀਂ ਵਿਦੇਸ਼ਾਂ ਨੂੰ ਭੇਜਿਆ ਜਾ ਸਕਦਾ ਹੈ। ਸਥਾਨਕ ਕਾਰੋਬਾਰਾਂ ਨੂੰ ਪ੍ਰਮੁੱਖ ਗਲੋਬਲ ਉਦਯੋਗਿਕ ਬ੍ਰਾਂਡਾਂ ਨਾਲ ਸਾਂਝੇਦਾਰੀ ਕਰਨ ਦਾ ਮੌਕਾ ਪ੍ਰਦਾਨ ਕਰਕੇ ਅੰਮ੍ਰਿਤਸਰ ਦੇ ਆਰਥਿਕ ਵਿਕਾਸ ਨੂੰ ਅੱਗੇ ਵਧਾਇਆ ਜਾ ਸਕਦਾ ਹੈ।

## ਮਾਣ ਧੀਆਂ 'ਤੇ ਸੰਸਥਾ ਵਾਲੇ ਮੱਟੂ ਤੇ ਜ਼ਿਲ੍ਹੇ ਨੂੰ ਹੈ ਮਾਣ : ਹਰਦੇਸ਼ ਸ਼ਰਮਾ

ਬਾਬਾ ਸੁਖਵੰਤ ਸਿੰਘ ਚੰਨਣਕੇ

ਜਿਲ੍ਹੇ ਦੀ ਨਾਮਵਰ ਸਮਾਜ ਸੇਵੀ ਸੰਸਥਾ ਮਾਣ ਧੀਆਂ ਤੇ ਸਮਾਜ ਭਲਾਈ ਸੋਸਾਇਟੀ (ਰਜਿ) ਅੰਮ੍ਰਿਤਸਰ ਦੇ ਚੇਅਰਮੈਨ ਹਰਦੇਸ਼ ਸ਼ਰਮਾ ਨੇ ਅੱਜ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਵਧਾਈ ਦਿੰਦਿਆਂ ਕਿਹਾ ਕੇ ਇਕ ਸਰਵੇ ਮੁਤਾਬਕ ਪੰਜਾਬ ਵਿਚ ਇਸ ਵੇਲੇ 1016 ਦੇ ਕਰੀਬ ਐਨਜੀਓ ਹਨ। ਜਿਹੜੀਆਂ ਸਮਾਜ ਸੇਵੀ ਸੰਸਥਾਵਾਂ ਸੱਚਮੁੱਖ ਸਮਾਜ ਸੇਵਾ ਦਾ ਕੰਮ ਕਰ ਰਹੀਆਂ ਹਨ । ਉਨ੍ਹਾਂ ਵਿਚੋਂ ਇਕ ਹੈ , ਅੰਮ੍ਰਿਤਸਰ ਜਿਲ੍ਹੇ ਦੀ ਮਾਣ ਧੀਆਂ ਤੇ ਸਮਾਜ ਭਲਾਈ ਸੋਸਾਇਟੀ (ਰਜਿ) ਇਸ ਦੇ ਮੁੱਖ ਸੇਵਾਦਾਰ ਸਮਾਜ ਸੇਵਕ ਪ੍ਰਧਾਨ ਗੁਰਿੰਦਰ ਸਿੰਘ ਮੱਟੂ ਕਿਸੇ ਜਾਣ-ਪਛਾਣ ਦੇ ਮੋਹਤਾਜ ਨਹੀਂ ਹਨ । ਸ੍ਰੀ ਮੱਟੂ ਨੇ ਕੇਵਲ ਇਕ ਦਿਨ ਵਿਚ ਹੀ ਨਹੀਂ ਬਲਕਿ ਨਿਰੰਤਰ 20 ਸਾਲ ਸੰਘਰਸ਼ ਕਰਕੇ ਇਸ ਮੁਕਾਮ ਨੂੰ ਹਾਸਲ ਕੀਤਾ ਹੈ । ਅਜੋਕੇ ਯੁੱਗ ਵਿਚ ਸਮਾਜਕ ਤਾਨਾਬਾਣਾ ਇਸ ਤਰ੍ਹਾਂ ਦੀ ਰੂਪਰੇਖਾ ਤਿਆਰ ਕਰ ਗਿਆ ਹੈ ਕਿ ਸਮਾਜ ਸੇਵੀ ਸੰਸਥਾ ਦੀ ਸਾਰਥਿਕ ਭੂਮਿਕਾ ਤੋਂ ਬਗੈਰ ਇਕ ਸਿਹਤਮੰਦ ਸਮਾਜ ਦੀ ਸਿਰਜਣਾ ਮੁਸ਼ਕਲ ਹੈ । ਸ੍ਰੀ ਗੁਰਿੰਦਰ ਸਿੰਘ ਮੱਟੂ ਨੇ ਦੱਸਿਆ ਕਿ ਬਿਨਾਂ ਕਿਸੇ ਸਰਕਾਰੀ ਸਹਾਇਤਾ ਤੋਂ ਪਿਛਲੇ ਡੇਢ ਦਹਾਕੇ ਤੋਂ ਉਪ੍ਰੋਕਤ ਸੰਸਥਾ ਵਲੋਂ ਸਮਾਜਿਕ ਬੁਰਾਈਆਂ ਖਿਲਾਫ 20 ਦੇ ਕਰੀਬ ਮੁਹਿੰਮਾਂ ਨਿਰੰਤਰ ਚਲਾਈਆਂ ਜਾ ਰਹੀਆਂ ਹਨ । ਵਾਤਾਵਰਣ ਨੂੰ ਸਾਫ ਸੁਥਰਾ ਅਤੇ ਸ਼ੁੱਧ ਰੱਖਣ ਲਈ ਹਰ ਵਰੇ ਬਰਸਾਤੀ ਮੌਸਮ ਵਿਚ ਵੱਖ ਵੱਖ ਸਕੂਲਾਂ ਵਿੱਚ 100 ਦੇ ਕਰੀਬ ਛਾਂਦਾਰ ਬੂਟੇ ਲਗਾਏ ਜਾਂਦੇ ਹਨ । ਮੱਟੂ ਨੇ ਦੱਸਿਆ ਕਿ ਵੱਖ ਵੱਖ ਸਕੂਲਾਂ ਦੇ ਖੇਡ ਮੈਦਾਨਾਂ ਵਿੱਚ ਲੱਗੇ ਹੋਏ ਹਜ਼ਾਰਾਂ ਬੂਟੇ ਵਿਦਿਆਰਥੀਆਂ ਨੂੰ ਛਾਂ ਰਹੇ ਹਨ । ਜ਼ਿਲ੍ਹੇ ਦੇ 148 ਸਕੂਲਾਂ ਤੇ ਕਾਲਜਾਂ ਦੇ ਇੱਕ ਲੱਖ 6 ਹਜਾਰ 209 ਨੌਜਵਾਨ ਵਿਦਿਆਰਥੀਆਂ ਨੂੰ ਭਰੂਣ ਹੱਤਿਆ ਖਿਲਾਫ ਜਾਗਰੂਕ ਕਰਨ ਲਈ ਚਲਾਈ ਗਈ (ਹਸਤਾਖਰ ਮੁਹਿੰਮ) ਰਾਹੀਂ ਜਾਗਰੂਕ ਕੀਤਾ ਹੈ । ਅੱਜ ਵੀ ਇਹ ਮੁਹਿੰਮ ਨਿਰੰਤਰ ਚਲ ਰਹੀ ਹੈ । ਹਰ ਸਾਲ ਸਕੂਲਾਂ ਦੇ ਵਿਦਿਆਰਥੀਆਂ ਵਿੱਚ ਧਾਰਮਿਕ ਰੁੱਚੀ ਪੈਦਾ ਕਰਨ ਲਈ ਧਾਰਮਿਕ ਪ੍ਰੀਖਿਆ ਕਰਵਾਈ ਜਾਂਦੀ ਹੈ ।4 ਨਵੰਬਰ ਨੂੰ (ਬਾਲ ਦਿਵਸ) ਮੌਕੇ ਬਾਲ ਵਿਦਿਆਰਥੀਆਂ ਨੂੰ ਕਾਪੀਆਂ , ਕਿਤਾਬਾਂ ਅਤੇ ਸਟੇਸ਼ਨਰੀ ਮੁਫਤ ਦਿੱਤੀ ਜਾਂਦੀ ਹੈ। ਨਸ਼ਿਆਂ ਖਿਲਾਫ ਜਾਗਰੂਕ ਕਰਨ ਅਤੇ ਖੇਡਾਂ ਨੂੰ ਪ੍ਰਮੋਟ ਕਰਨ ਲਈ ਕਬੱਡੀ , ਕ੍ਰਿਕੇਟ , ਵਾਲੀਬਾਲ ਅਤੇ ਐਥਲੈਟਿਕਸ ਮੁਕਾਬਲੇ ਕਰਵਾਏ ਜਾਂਦੇ ਹਨ, ਪਿਛਲੇ 20 ਸਾਲ ਤੋਂ ਪੰਜਾਬ ਦੀ ਨਾਮਵਰ ਖੇਡ ਸੰਸਥਾਂ ਸਰਹੱਦ-ਏ-ਪੰਜਾਬ ਸਪੋਰਟਸ ਕਲੱਬ (ਰਜਿ) ਅੰਮ੍ਰਿਤਸਰ ਨਾਲ ਜੁੜ ਕੇ ਪਦਮ ਸ਼੍ਰੀ ਐਵਾਰਡੀ, ਦ੍ਰੋਣਾਚਾਰੀਆਂ ਐਵਾਰਡੀ,ਓਲਪੀਅਨ,ਕੌਮਾਂਤਰੀ ਅਤੇ ਕੌਮੀ ਖਿਡਾਰੀਆਂ ਨੂੰ ਸਨਮਾਨਿਤ ਕਰਨ ਦੀ ਸ਼ੁਰੂਆਤ ਕੀਤੀ ।



ਆਵਾਜ਼ਿ ਕੌਮ AWAZE QAUM International Newspaper & WEB TV

### ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ























ਆਵਾਜ਼ਿ ਕੌਮ AWAZE QAUM International Newspaper & WEB TV



07-04 - 2024 ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ ਵਿਲਨਹਾਲ ਅਤੇ ਗੁਰੂ ਨਾਨਕ ਗੁਰਦੁਆਰਾ ਵੈਨਸਫੀਲਡ ਦੇ ਸਾਂਝੇ ਉਪਰਲੇ ਨਾਲ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਕੱਢੇ ਗਏ ਨਗਰ ਕੀਰਤਨ ਦੌਆਂ ਝਲਕੀਆਂ